
TOURIST VISA USA CANADA
SCHENGEN/ UK AUSTRALIA/ NZ
263 VISA
ਫਰਵਰੀ 2025 ਮਹੀਨੇ ਵਿੱਚ ਲੱਗੇ
easyvisa
8195 828282

ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ
# ਲੋਕ ਬਾਣੀ
DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਸ਼ੁੱਕਰਵਾਰ,07 ਮਾਰਚ 2025
Email:- lokbani08@gmail.com




R. N. I. Punpun/29016/2008 * ਸਾਲ 16 , * ਅੰਕ : 260 * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181-2211009 * M : 99155-94111

263 VISA
ਫਰਵਰੀ 2025 ਮਹੀਨੇ ਵਿੱਚ ਲੱਗੇ
TOURIST VISA
USA/ SCHENGEN
CANADA/ AUSTRALIA/ UK/ NZ
easyvisa
8195 828282
ਅਪਲਾਈ ਕਰਨ ਤੋਂ ਪਹਿਲਾਂ ਲੱਗੇ ਹੋਏ ਵੀਜ਼ਾ ਜਰੂਰ ਚੈਕ ਕਰੋ ਫਿਰ ਅਪਲਾਈ ਕਰੋ

## ਏਅਰ ਇੰਡੀਆ ਦੀ ਉਡਾਣ ਦਸ ਘੰਟੇ ਹਵਾ 'ਚ ਰਹਿਣ ਮਗਰੋਂ ਤਕਨੀਕੀ ਨੁਕਸ ਕਰਕੇ ਸ਼ਿਕਾਗੋ ਪਰਤੀ




ਨਵੀਂ ਦਿੱਲੀ/ ਲੋਕ ਬਾਣੀ- ਏਅਰ ਇੰਡੀਆ ਦੀ ਸ਼ਿਕਾਗੋ ਤੋਂ ਦਿੱਲੀ ਆ ਰਹੀ ਉਡਾਣ ਨੂੰ ਤਕਨੀਕੀ ਨੁਕਸ ਕਰਕੇ ਅਮਰੀਕੀ ਸ਼ਹਿਰ ਮੋੜ ਦਿੱਤਾ ਗਿਆ ਹੈ। ਉਂਝ ਮੁੜਨ ਤੋਂ ਪਹਿਲਾਂ ਏਅਰ ਇੰਡੀਆ ਦੀ ਉਡਾਣ ਦਸ ਘੰਟਿਆਂ ਲਈ ਹਵਾ ਵਿਚ ਸੀ। ਉਂਝ ਇਸ ਪੂਰੇ ਘਟਨਾਕ੍ਰਮ ਤੋਂ ਜਾਣੂ ਸਰੋਤ ਨੇ ਇਸ ਖ਼ਬਰ ਏਜੰਸੀ ਨੂੰ ਦੱਸਿਆ ਕਿ ਜਹਾਜ਼ ਨੂੰ ਮੋੜਨਾ ਪਿਆ ਕਿਉਂਕਿ ਇਸ ਦੇ ਬਹੁਤੇ ਪਖਾਨੇ ਬੰਦ ਹੋ ਗਏ ਸਨ। ਫਲਾਈਟ ਟਰੈਕਿੰਗ ਵੈੱਬਸਾਈਟ ਫਲਾਈਟਰਡਾਰ24. ਕਾਮ ਉੱਤੇ ਉਪਲਬਧ ਜਾਣਕਾਰੀ ਮੁਤਾਬਕ ਬੋਇੰਗ 777-337ਈਆਰ ਜਹਾਜ਼ ਦਸ ਘੰਟੇ ਤੋਂ ਵੱਧ ਸਮਾਂ ਹਵਾ ਵਿਚ ਰਹਿਣ ਮਗਰੋਂ ਸ਼ਿਕਾਗੋ ਦੇ ਓਆਰਡੀ ਹਵਾਈ ਅੱਡੇ 'ਤੇ ਮੁੜ ਆਇਆ।

## ਤਾਮਿਲ ਨਾਡੂ, ਕੇਰਲਾ ਤੇ ਪੱਛਮੀ ਬੰਗਾਲ 'ਚ NEP ਲਾਗੂ ਕਰਨ ਲਈ ਸੁਪਰੀਮ ਕੋਰਟ 'ਚ ਜਨਹਿਤ ਪਟੀਸ਼ਨ ਦਾਇਰ



ਨਵੀਂ ਦਿੱਲੀ, ਲੋਕ ਬਾਣੀ -- ਤਾਮਿਲ ਨਾਡੂ ਵਿਚ ਕਥਿਤ ਹਿੰਦੀ ਲਾਗੂ ਕਰਨ/ਥੋਪਣ ਨੂੰ ਲੈ ਕੇ ਉੱਠੇ ਵਿਵਾਦ ਦਰਮਿਆਨ ਸੁਪਰੀਮ ਕੋਰਟ ਵਿਚ ਇਕ ਜਨਹਿੱਤ ਪਟੀਸ਼ਨ ਦਾਖਲ ਕਰਕੇ ਤਾਮਿਲ ਨਾਡੂ, ਕੇਰਲਾ ਤੇ ਪੱਛਮੀ ਬੰਗਾਲ ਵਿਚ ਨਵੀਂ ਸਿੱਖਿਆ ਨੀਤੀ (©5♦) ਲਾਗੂ ਕਰਨ ਦੀ ਮੰਗ ਕੀਤੀ ਗਈ ਹੈ। ਪਟੀਸ਼ਨਰ ਜੀਐੱਸ ਮਨੀ, ਜੋ ਖ਼ੁਦ ਤਾਮਿਲ ਨਾਡੂ ਨਾਲ ਸਬੰਧਤ ਹੈ, ਨੇ ਮੁੱਖ ਮੰਤਰੀ ਐੱਮਕੇ ਸਟਾਲਿਨ ਦੇ ਐੱਨਈਪੀ ਬਾਰੇ ਵਿਚਾਰਾਂ ਨੂੰ ਕਥਿਤ ਪੱਖਪਾਤੀ, ਸਿਆਸਤ ਤੋਂ ਪ੍ਰੇਰਿਤ ਅਤੇ ਮੁਫ਼ਤ ਤੇ ਪ੍ਰਭਾਵਸ਼ਾਲੀ ਸਿੱਖਿਆ ਦੇ ਬੁਨਿਆਦੀ ਹੱਕ ਦੀ ਖਿਲਾਫ਼ਵਰਜ਼ੀ ਦੱਸਿਆ ਹੈ। ਚੇਤੇ ਰਹੇ ਕਿ ਸਟਾਲਿਨ ਨੇ ਤਾਮਿਲ ਨਾਡੂ, ਜਿੱਥੇ ਸਕੂਲਾਂ ਵਿਚ ਬੱਚਿਆਂ ਨੂੰ ਸਿਰਫ਼ ਅੰਗਰੇਜ਼ੀ ਤੇ ਤਾਮਿਲ ਪੜ੍ਹਾਈ ਜਾਂਦੀ ਹੈ, ਵਿਚ ਤਿੰਨ ਭਾਸ਼ਾ ਫਾਰਮੂਲਾ ਲਾਗੂ ਕਰਨ ਦਾ ਵਿਰੋਧ ਕੀਤਾ ਸੀ।

## ਕੋਰਟ ਵੱਲੋਂ ਕੰਨੜ ਅਦਾਕਾਰਾ ਰਾਨਿਆ ਰਾਓ ਦੀ ਜ਼ਮਾਨਤ ਅਰਜ਼ੀ 'ਤੇ ਫੈਸਲਾ ਰਾਖਵਾਂ



ਬੰਗਲੂਰੂ, ਲੋਕ ਬਾਣੀ- ਸਥਾਨਕ ਕੋਰਟ ਨੇ ਕੈਂਪੇਗੌੜਾ ਕੌਮਾਂਤਰੀ ਹਵਾਈ ਅੱਡੇ 'ਤੇ ਸੋਨੇ ਦੀ ਤਸਕਰੀ ਦੇ ਦੋਸ਼ ਵਿਚ ਗ੍ਰਿਫ਼ਤਾਰ ਕੰਨੜ ਅਦਾਕਾਰਾ Ranya Rao ਵੱਲੋਂ ਦਾਇਰ ਜ਼ਮਾਨਤ ਅਰਜ਼ੀ 'ਤੇ ਫੈਸਲਾ ਰਾਖਵਾਂ ਰੱਖ ਲਿਆ ਹੈ। ਆਰਥਿਕ ਅਪਰਾਧਾਂ ਬਾਰੇ ਕੋਰਟ ਭਲਕੇ ਰੈਵੇਨਊ ਇੰਟੈਲੀਜੈਂਸ ਬਾਰੇ ਡਾਇਰੈਕਟੋਰੇਟ (4♣9) ਦੀਆਂ ਦਲੀਲਾਂ ਸੁਣਨ ਮਗਰੋਂ ਸ਼ੁੱਕਰਵਾਰ ਨੂੰ ਆਪਣਾ ਫੈਸਲਾ ਸੁਣਾਏਗੀ। ਡੀਆਰਆਈ ਨੇ ਇਸ ਮਾਮਲੇ ਵਿਚ ਹੋਰ ਪੁੱਛ ਪੜਤਾਲ ਲਈ ਅਦਾਕਾਰਾ ਦੀ ਕਸਟੱਡੀ ਵਿਚ ਵਾਧੇ ਦੀ ਮੰਗ ਕੀਤੀ ਸੀ।

## ਸੋਸ਼ਲ ਮੀਡੀਆ ਤੇ ਝੂਠ ਫੈਲਾਉਣ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਵੇਗਾ - ਜੰਮੂ-ਕਸ਼ਮੀਰ ਡੀ.ਆਈ.ਜੀ.




ਡੋਡਾ ਲੋਕ ਬਾਣੀ-ਖੇਤਰ ਵਿਚ ਸੁਰੱਖਿਆ ਸਥਿਤੀ ਬਾਰੇ, ਜੰਮੂ-ਕਸ਼ਮੀਰ ਦੇ ਡੀ.ਆਈ.ਜੀ. ਸ਼੍ਰੀਧਰ ਪਾਟਿਲ ਨੇ ਕਿਹਾ ਕਿ ਸਥਿਤੀ ਕਾਬੂ ਹੇਠ ਹੈ। ਸਾਡੀ ਟੀਮ ਨੇ ਡੋਡਾ ਵਿਚ ਕਈ ਸਫਲ ਕਾਰਵਾਈਆਂ ਕੀਤੀਆਂ ਹਨ। ਸਥਾਨਕ ਲੋਕ ਵੀ ਸਾਡਾ ਸਮਰਥਨ ਕਰ ਰਹੇ ਹਨ। ਅਸੀਂ ਸੋਸ਼ਲ ਮੀਡੀਆ ਰਾਹੀਂ ਕੁਝ ਵੀ ਫੈਲਾਉਣ ਦੀ ਕੋਸ਼ਿਸ਼ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਨਹੀਂ ਬਖਸ਼ਾਂਗੇ।

## ਜਾਅਲੀ ਰਜਿਸਟਰੀ ਮਾਮਲੇ ਚ ਵਿਜੀਲੈਂਸ ਵਲੋਂ ਪ੍ਰਾਪਰਟੀ ਡੀਲਰ ਗ੍ਰਿਫ਼ਤਾਰ



ਲੁਧਿਆਣਾ,, ਲੋਕ ਬਾਣੀ ਜਾਅਲੀ ਦਸਤਾਵੇਜ਼ਾਂ ਦੇ ਆਧਾਰ ਉਤੇ ਪ੍ਰਵਾਸੀ ਭਾਰਤੀ ਦੀ ਕਰੋੜਾਂ ਰੁਪਏ ਦੀ ਜ਼ਮੀਨ ਦੀ ਰਜਿਸਟਰੀ ਕਰਵਾਉਣ ਦੇ ਮਾਮਲੇ ਵਿਚ ਵਿਜੀਲੈਂਸ ਬਿਊਰੋ ਵਲੋਂ ਅੱਜ ਇਕ ਪ੍ਰਾਪਰਟੀ ਡੀਲਰ ਗੁਰਜੋਤ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਗ੍ਰਿਫ਼ਤਾਰ ਕੀਤੇ ਕਥਿਤ ਦੋਸ਼ੀ ਨੂੰ ਅੱਜ ਅਦਾਲਤ ਵਿਚ ਪੇਸ਼ ਕੀਤਾ ਗਿਆ ਜਿਥੇ ਮਾਨਯੋਗ ਜੱਜ ਨੇ ਉਸ ਦਾ ਇਕ ਦਿਨ ਦਾ ਪੁਲਿਸ ਰਿਮਾਂਡ ਦੇ ਦਿੱਤਾ ਹੈ।

## ਭਾਰਤੀ ਨਾਗਰਿਕ ਸ਼ਹਿਜਾਦੀ ਤੇ ਅਰੰਗੀਲੋਟੂ ਯੂਏਈ 'ਚ ਸਪੁਰਦੇ ਖਾਕ



ਨਵੀਂ ਦਿੱਲੀ, ਲੋਕ ਬਾਣੀ-ਦੋ ਭਾਰਤੀ ਨਾਗਰਿਕਾਂ ਸ਼ਹਿਜ਼ਾਦੀ ਖ਼ਾਨ ਤੇ ਮੁਹੰਮਦ ਰਿਨਾਸ਼ ਅਰੰਗੀਲੋਟੂ ਨੂੰ ਕੁਝ ਦਿਨ ਪਹਿਲਾਂ ਫਾਂਸੀ ਦੇਣ ਮਗਰੋਂ ਅੱਜ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੀ ਮੌਜੂਦਗੀ ਵਿਚ ਅਬੂ ਧਾਬੀ (ਯੂਏਈ) 'ਚ ਸਪੁਰਦੇ ਖਾਕ ਕਰ ਦਿੱਤਾ ਗਿਆ। ਵਿਦੇਸ਼ ਮੰਤਰਾਲੇ ਮੁਤਾਬਕ ਦੋਵਾਂ ਨੂੰ ਯੂਏਈ ਦੇ ਨੇਮਾਂ ਮੁਤਾਬਕ ਦਫ਼ਨਾਇਆ ਗਿਆ। ਸ਼ਹਿਜ਼ਾਦੀ (33), ਜਿਸ ਨੂੰ ਕਥਿਤ ਚਾਰ ਮਹੀਨੇ ਦੇ ਬੱਚੇ ਦੇ ਕਤਲ ਦਾ ਦੋਸ਼ੀ ਪਾਇਆ ਗਿਆ ਸੀ,

## ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ 2 ਵਿਅਕਤੀ ਗ੍ਰਿਫ਼ਤਾਰ



ਪਠਾਨਕੋਟ, ਲੋਕ ਬਾਣੀ-ਪੰਜਾਬ ਦੇ ਡੀ.ਜੀ.ਪੀ. ਗੌਰਵ ਯਾਦਵ ਨੇ ਵੀਰਵਾਰ ਨੂੰ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਕਾਊਂਟਰ ਇੰਟੈਲੀਜੈਂਸ ਪਠਾਨਕੋਟ ਨੇ ਇਸ ਦੇ 2 ਮੈਂਬਰਾਂ ਨੂੰ ਗ੍ਰਿਫ਼ਤਾਰ ਕਰਕੇ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਮਡਿਊਲ ਦਾ ਪਰਦਾਫਾਸ਼ ਕੀਤਾ ਹੈ ਅਤੇ ਚਾਰ ਪਿਸਤੌਲਾਂ ਬਰਾਮਦ ਕੀਤੀਆਂ ਹਨ। ਫੜੇ ਗਏ ਵਿਅਕਤੀਆਂ ਦੀ ਪਛਾਣ ਬਟਾਲਾ ਦੇ ਪਿੰਡ ਬੁੱਟਰ ਕਲਾਂ ਦੇ ਵਾਸੀ ਕੰਵਲਪ੍ਰੀਤ ਸਿੰਘ ਉਰਫ਼ ਕੰਵਰ ਅਤੇ ਗੁਰਦਾਸਪੁਰ ਦੇ ਭੈਣੀ ਬਾਂਗਰ ਦੇ ਰਹਿਣ ਵਾਲੇ ਰਣਜੀਤ ਸਿੰਘ ਵਜੋਂ ਹੋਈ ਹੈ।

## ਸੰਯੁਕਤ ਕਿਸਾਨ ਮੋਰਚੇ ਨੇ ਪੰਜਾਬ ਭਰ ਵਿੱਚੋਂ ਧਰਨੇ ਚੁੱਕੇ



ਚੰਡੀਗੜ੍ਹ ਹਰਬੰਸ ਬਿੱਟੂ- ਸੰਯੁਕਤ ਕਿਸਾਨ ਮੋਰਚਾ (SKM) ਦੀ ਇਕ ਅਹਿਮ ਮੀਟਿੰਗ ਵੀਰਵਾਰ ਨੂੰ ਲੁਧਿਆਣਾ ਵਿਖੇ ਹੋਈ। ਇਸ ਮੀਟਿੰਗ ਦੌਰਾਨ ਪੰਜਾਬ ਵਿੱਚ 18 ਥਾਵਾਂ 'ਤੇ ਲੱਗੇ ਧਰਨੇ ਚੁੱਕਣ ਦਾ ਫ਼ੈਸਲਾ ਕੀਤਾ ਗਿਆ ਹੈ।

ਇਹ ਐਲਾਨ ਐੱਸਕੇਐੱਮ ਦੀ ਮੀਟਿੰਗ ਤੋਂ ਬਾਅਦ ਲਖਵਿੰਦਰ ਸਿੰਘ ਲੱਖੋਵਾਲ, ਬੂਟਾ ਸਿੰਘ ਬੁਰਜਗਿੱਲ ਤੇ ਹੋਰਨਾਂ ਕਿਸਾਨ ਆਗੂਆਂ ਨੇ ਕੀਤਾ ਹੈ। ਕਿਸਾਨ ਆਗੂਆਂ ਨੇ ਐਲਾਨ ਕੀਤਾ ਕਿ ਉਨ੍ਹਾਂ ਵੱਲੋਂ 10 ਮਾਰਚ ਨੂੰ ਹੁਕਮਰਾਨ ਧਿਰ ਦੇ ਸਾਰੇ ਵਿਧਾਇਕਾਂ ਦੀਆਂ ਰਿਹਾਇਸ਼ਾਂ ਮੂਹਰੇ ਰੋਸ ਮੁਜ਼ਾਹਰੇ ਕੀਤੇ ਜਾਣਗੇ। ਇਹ ਮੁਜ਼ਾਹਰੇ ਸਵੇਰੇ 11 ਵਜੇ ਤੋਂ ਸ਼ਾਮ 4 ਵਜੇ ਤੱਕ ਕੀਤੇ ਜਾਣਗੇ। ਇਸ ਦੌਰਾਨ ਵੱਡੀ ਗਿਣਤੀ ਕਿਸਾਨ ਆਗੂ ਸ਼ਮੂਲੀਅਤ ਕਰਨਗੇ।




ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਂਕ ਜਲੰਧਰ 99155-94111

# ਪੰਜਾਬ ਪੁਲਿਸ ਨੇ ਅਮਰੀਕਾ-ਅਧਾਰਤ ਸਮਗਲਰ ਜਸਮੀਤ ਲੱਕੀ ਵੱਲੋਂ ਚਲਾਏ ਜਾ ਰਹੇ ਨਸ਼ਾ ਤਸਕਰੀ ਨੈੱਟਵਰਕ ਦਾ ਕੀਤਾ ਪਰਦਾਫਾਸ਼ ; 23 ਕਿਲੋ ਹੈਰੋਇਨ ਬਰਾਮਦ

ਚੰਡੀਗੜ੍ਹ, (ਲੋਕ ਬਾਣੀ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਸ਼ੁਰੂ ਕੀਤੀ 'ਯੁੱਧ ਨਸ਼ਿਆ ਦੇ ਵਿਰੁੱਧ' ਮੁਹਿੰਮ ਦੌਰਾਨ ਸਰਹੱਦ ਪਾਰੋਂ ਕੀਤੀ ਜਾ ਰਹੀ ਤਸਕਰੀ ਨੂੰ ਵੱਡਾ ਝਟਕਾ ਦਿੰਦੇ ਹੋਏ, ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਜੰਡਿਆਲਾ ਦੇ ਪਿੰਡ ਦੇਵੀ ਦਾਸਪੁਰਾ ਤੋਂ 23 ਕਿਲੋ ਹੈਰੋਇਨ ਦੀ ਖੇਪ ਬਰਾਮਦ ਕੀਤੀ ਹੈ।

ਇਸ ਸਬੰਧੀ ਵੇਰਵੇ ਸਾਂਝੇ ਕਰਦਿਆਂ, ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਬੁੱਧਵਾਰ ਨੂੰ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਿਆ ਹੈ ਕਿ ਇਹ ਖੇਪ ਅਮਰੀਕਾ ਸਥਿਤ ਤਸਕਰ ਜਸਮੀਤ ਸਿੰਘ ਉਰਫ਼ ਲੱਕੀ ਦੁਆਰਾ ਚਲਾਏ ਜਾ ਰਹੇ ਤਸਕਰੀ ਨੈੱਟਵਰਕ ਨਾਲ ਸਬੰਧਤ ਹੈ। ਇਸ ਮਾਮਲੇ ਵਿੱਚ, ਖੇਪ ਪ੍ਰਾਪਤ ਕਰਨ ਵਾਲੇ, ਪਿੰਡ ਦੇਵੀ ਦਾਸਪੁਰਾ ਦੇ ਮੁਲਜ਼ਮ ਸਾਹਿਲਪ੍ਰੀਤ ਸਿੰਘ ਉਰਫ਼ 'ਕਰਨ' ਨੂੰ ਨਾਮਜ਼ਦ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਕਈ ਪੁਲਿਸ ਟੀਮਾਂ ਉਸ ਨੂੰ ਗ੍ਰਿਫ਼ਤਾਰ ਕਰਨ ਲਈ ਸਰਗਰਮੀ ਨਾਲ ਕੰਮ ਕਰ ਰਹੀਆਂ ਹਨ।

ਡੀਜੀਪੀ ਨੇ ਕਿਹਾ ਕਿ ਤਸਕਰੀ ਨੈੱਟਵਰਕ ਵਿੱਚ ਅਗਲੇਰੇ-ਪਿਛਲੇਰੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ।

ਡਿਪਟੀ ਇੰਸਪੈਕਟਰ ਜਨਰਲ ਆਫ਼ ਪੁਲਿਸ (ਡੀਆਈਜੀ) ਬਾਰਡਰ ਰੇਂਜ ਸਤਿੰਦਰ ਸਿੰਘ, ਜੋ ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸਐਸਪੀ) ਅੰਮ੍ਰਿਤਸਰ ਦਿਹਾਤੀ ਮਨਿੰਦਰ ਸਿੰਘ ਦੇ ਨਾਲ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰ ਰਹੇ ਸਨ, ਨੇ ਕਿਹਾ ਕਿ ਪੁਲਿਸ ਟੀਮਾਂ ਨੂੰ ਨਾਕੇ 'ਤੇ ਪੁਖ਼ਤਾ ਇਤਲਾਹ ਮਿਲੀ ਸੀ ਕਿ ਮੁਲਜ਼ਮ ਸਾਹਿਲਪ੍ਰੀਤ ਸਿੰਘ ਉਰਫ਼ ਕਰਨ ਨੇ ਸਰਹੱਦ ਪਾਰੋਂ ਹੈਰੋਇਨ ਦੀ ਇੱਕ ਖੇਪ ਪ੍ਰਾਪਤ ਕੀਤੀ ਹੈ।

ਤੇਜ਼ੀ ਨਾਲ ਕਾਰਵਾਈ ਕਰਦੇ ਹੋਏ, ਪੁਲਿਸ ਸਟੇਸ਼ਨ ਜੰਡਿਆਲਾ ਦੀਆਂ ਟੀਮਾਂ ਨੇ ਇੱਕ ਖੁਫੀਆ ਕਾਰਵਾਈ ਤਹਿਤ ਪਿੰਡ ਦੇਵੀ ਦਾਸਪੁਰਾ ਵਿਖੇ ਦੱਸੀ ਥਾਂ ਤੋਂ ਇੱਕ ਬੋਰੀ ਵਿੱਚ ਲੁਕਾ ਕੇ ਰੱਖੇ ਹੈਰੋਇਨ ਦੇ 23 ਪੈਕੇਟ (ਪ੍ਰਤੀ 1 ਕਿੱਲੋ), ਬਰਾਮਦ ਕੀਤੇ।




ਉਨ੍ਹਾਂ ਕਿਹਾ ਕਿ ਜਾਂਚ ਤੋਂ ਪਤਾ ਲੱਗਾ ਹੈ ਕਿ ਦੋਸ਼ੀ ਸਾਹਿਲਪ੍ਰੀਤ ਅਮਰੀਕਾ ਸਥਿਤ ਤਸਕਰ ਜਸਮੀਤ ਸਿੰਘ ਉਰਫ ਲੱਕੀ, ਜਿਸਨੇ ਖੇਪ ਦਾ ਪ੍ਰਬੰਧ ਕੀਤਾ ਸੀ, ਦੇ ਸਿੱਧੇ ਸੰਪਰਕ ਵਿੱਚ ਸੀ। ਜਾਣਕਾਰੀ ਅਨੁਸਾਰ, ਜਸਮੀਤ ਸਿੰਘ ਉਰਫ ਲੱਕੀ ਦਾ ਅਪਰਾਧਿਕ ਪਿਛੋਕੜ ਹੈ ਅਤੇ ਉਸ ਵਿਰੁੱਧ ਅਸਲਾ ਐਕਟ ਅਤੇ ਇਰਾਦਾ ਕਤਲ ਨਾਲ ਸਬੰਧਤ ਮਾਮਲੇ ਦਰਜ ਹਨ।ਡੀਆਈਜੀ ਨੇ ਕਿਹਾ ਕਿ ਪੁਲਿਸ ਟੀਮਾਂ ਦੋਸ਼ੀ ਸਾਹਿਲਪ੍ਰੀਤ ਉਰਫ ਕਰਨ ਨੂੰ ਫੜਨ ਲਈ ਭਾਲ ਕਰ ਰਹੀਆਂ ਹਨ।ਇਸ ਸਬੰਧ ਵਿੱਚ ਅੰਮ੍ਰਿਤਸਰ ਦਿਹਾਤੀ ਦੇ ਪੁਲਿਸ ਸਟੇਸ਼ਨ ਜੰਡਿਆਲਾ ਵਿਖੇ ਐਨਡੀਪੀਐਸ ਐਕਟ ਦੀ ਧਾਰਾ 21 ਸੀ ਦੇ ਤਹਿਤ ਐਫਆਈਆਰ 32 ਮਿਤੀ 4/3/2025 ਅਧੀਨ ਕੇਸ ਦਰਜ ਕੀਤਾ ਗਿਆ ਹੈ।

# 32 ਸਾਲ ਪੁਰਾਣੇ ਝੂਠੇ ਮੁਕਾਬਲੇ ਦੇ ਮਾਮਲੇ ਚ ਅਦਾਲਤ ਨੇ ਦੋਸ਼ੀਆਂ ਨੂੰ ਸੁਣਾਈ ਸਜ਼ਾ, ਇੱਕ ਸਾਬਕਾ ਪੁਲਿਸ ਅਧਿਕਾਰੀ ਨੂੰ ਉਮਰ ਕੈਦ ਤੇ ਦੂਜੇ..



ਮੋਹਾਲੀ- ਤਰਨਤਾਰਨ ਵਿੱਚ 32 ਸਾਲ ਪਹਿਲਾਂ ਪੁਲਿਸ ਨੇ ਇੱਕ ਮੁਕਾਬਲੇ ਵਿੱਚ ਦੋ ਵਿਅਕਤੀਆਂ ਨੂੰ ਅੱਤਵਾਦੀ ਕਹਿ ਕੇ ਮਾਰਨ ਦਾ ਦਾਅਵਾ ਕੀਤਾ ਸੀ, ਪਰ ਅਦਾਲਤ ਵਿੱਚ ਇਹ ਮੁਕਾਬਲਾ ਫਰਜ਼ੀ ਸਾਬਤ ਹੋਇਆ। ਮੁਹਾਲੀ ਦੀ ਸੀਬੀਆਈ ਦੀ ਵਿਸ਼ੇਸ਼ ਅਦਾਲਤ ਨੇ ਦੋ ਸਾਬਕਾ ਪੁਲੀਸ ਮੁਲਾਜ਼ਮਾਂ ਨੂੰ ਕਤਲ ਅਤੇ ਹੋਰ ਦੋਸ਼ਾਂ ਵਿੱਚ ਅੱਜ ਸਜ਼ਾ ਸੁਣਾਈ ਹੈ। ਅਦਾਲਤ ਨੇ ਤਰਨਤਾਰਨ ਦੇ ਪੱਟੀ ਵਿੱਚ ਤਾਇਨਾਤ ਤਤਕਾਲੀ ਪੁਲੀਸ ਅਧਿਕਾਰੀ ਸੀਤਾ ਰਾਮ (80) ਨੂੰ ਆਈਪੀਸੀ ਦੀ ਧਾਰਾ 302 ਤਹਿਤ ਉਮਰ ਕੈਦ ਅਤੇ 2 ਲੱਖ ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ। ਐਸਐਚਓ ਪੱਟੀ ਰਾਜ ਪਾਲ (57) ਨੂੰ ਆਈਪੀਸੀ ਦੀ ਧਾਰਾ 201 ਅਤੇ ਆਈਪੀਸੀ ਦੀ ਧਾਰਾ 120ਬੀ ਤਹਿਤ ਪੰਜ ਸਾਲ ਦੀ ਕੈਦ ਅਤੇ 50 ਹਜ਼ਾਰ ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਗਈ ਹੈ। ਇਹ ਰਕਮ ਮ੍ਰਿਤਕਾਂ ਦੇ ਪਰਿਵਾਰਾਂ ਨੂੰ ਮੁਆਵਜ਼ੇ ਵਜੋਂ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਪੰਜ ਹੋਰ ਮੁਲਜ਼ਮਾਂ ਨੂੰ ਸ਼ੱਕ ਦਾ ਲਾਭ ਦਿੰਦਿਆਂ ਬਰੀ ਕਰ ਦਿੱਤਾ ਗਿਆ।

ਜ਼ਿਕਰਯੋਗ ਹੈ ਕਿ ਇਸ ਮਾਮਲੇ ਚ 11 ਪੁਲਿਸ ਅਧਿਕਾਰੀਆਂ ਤੇ ਅਗਵਾ, ਗੈਰ-ਕਾਨੂੰਨੀ ਹਿਰਾਸਤ ਅਤੇ ਕਤਲ ਦੇ ਦੋਸ਼ ਸਨ, ਚਾਰ ਦੋਸ਼ੀਆਂ ਦੀ ਸੁਣਵਾਈ ਦੌਰਾਨ ਮੌਤ ਹੋ ਗਈ ਸੀ। ਪੰਜਾਂ ਨੂੰ ਬਰੀ ਕਰ ਦਿੱਤਾ ਗਿਆ। ਪੀੜਤ ਪਰਿਵਾਰ ਦਾ ਕਹਿਣਾ ਹੈ ਕਿ ਉਹ ਬਰੀ ਹੋਏ ਲੋਕਾਂ ਨੂੰ ਸਜ਼ਾ ਦਿਵਾਉਣ ਲਈ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਅਪੀਲ ਦਾਇਰ ਕਰਨਗੇ।

# ਯੁੱਧ ਨਸ਼ਿਆਂ ਵਿਰੁੱਧ: ਪੰਜਾਬ ਪੁਲਿਸ ਵੱਲੋਂ 6ਵੇਂ ਦਿਨ 501 ਥਾਵਾਂ ਤੇ ਛਾਪੇਮਾਰੀ; 75 ਨਸ਼ਾ ਤਸਕਰ ਕਾਬੂ, 53 ਐਫਆਈਆਰ ਦਰਜ

ਚੰਡੀਗੜ੍ਹ, (ਲੋਕ ਬਾਣੀ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਚਲਾਇਆ ਜਾ ਰਿਹਾ ਯੁੱਧ ਨਸ਼ਿਆਂ ਵਿਰੁੱਧ ਨੂੰ ਲਗਾਤਾਰ ਛੇਵੇਂ ਦਿਨ ਜਾਰੀ ਰੱਖਦਿਆਂ ਪੰਜਾਬ ਪੁਲਿਸ ਨੇ ਅੱਜ 501 ਥਾਵਾਂ ਤੇ ਛਾਪੇਮਾਰੀ ਕੀਤੀ, ਜਿਸ ਦੌਰਾਨ ਸੂਬੇ ਭਰ ਵਿੱਚ 53 ਐਫਆਈਆਰ ਦਰਜ ਕਰਕੇ 75 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਇਸ ਨਾਲ ਸਿਰਫ਼ ਛੇ ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 622 ਹੋ ਗਈ ਹੈ।

ਇਸ ਛਾਪੇਮਾਰੀ ਦੇ ਨਤੀਜੇ ਵਜੋਂ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 8.2 ਕਿਲੋਗ੍ਰਾਮ ਹੈਰੋਇਨ, 4.5 ਕਿਲੋਗ੍ਰਾਮ ਅਫੀਮ, 1294 ਨਸ਼ੀਲੀਆਂ ਗੋਲੀਆਂ/ਟੀਕੇ ਅਤੇ 1.04 ਲੱਖ ਰੁਪਏ ਡਰੱਗ ਮਨੀ ਬਰਾਮਦ ਕੀਤੀ ਗਈ ਹੈ।

ਇਹ ਕਾਰਵਾਈ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ ਤੇ ਸੂਬੇ ਦੇ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ ਇੱਕੋ ਸਮੇਂ ਕੀਤੀ ਗਈ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਸੁਪਰਡੈਂਟ ਨੂੰ ਅਗਲੇ ਤਿੰਨ ਮਹੀਨਿਆਂ ਵਿੱਚ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਦੇ ਹੁਕਮ ਦਿੱਤੇ ਹਨ। ਪੰਜਾਬ ਸਰਕਾਰ ਨੇ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ 5 ਮੈਂਬਰੀ ਕੈਬਨਿਟ ਸਬ ਕਮੇਟੀ ਦਾ ਗਠਨ ਵੀ ਕੀਤਾ ਹੈ।

ਵਿਸ਼ੇਸ਼ ਡੀਜੀਪੀ ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਜਾਣਕਾਰੀ ਦਿੱਤੀ ਕਿ 108 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1700 ਤੋਂ ਵੱਧ ਪੁਲਿਸ ਕਰਮਚਾਰੀਆਂ



ਵਾਲੀਆਂ 250 ਤੋਂ ਵੱਧ ਪੁਲਿਸ ਟੀਮਾਂ ਨੇ ਸੂਬੇ ਭਰ ਵਿੱਚ ਛਾਪੇਮਾਰੀ ਕੀਤੀ ਅਤੇ ਦਿਨ ਭਰ ਚਲੇ ਇਸ ਆਪ੍ਰੇਸ਼ਨ ਦੌਰਾਨ 635 ਸ਼ੱਕੀ ਵਿਅਕਤੀਆਂ ਦੀ ਜਾਂਚ ਵੀ ਕੀਤੀ ਹੈ।

ਸਪੈਸ਼ਲ ਡੀਜੀਪੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ 'ਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ - ਇਨਫੋਰਸਮੈਂਟ, ਡੀਅਡਿਕਸ਼ਨ ਅਤੇ ਪ੍ਰੀਵੈਂਸ਼ਨ (ਈਡੀਪੀ) - ਲਾਗੂ ਕੀਤੀ ਗਈ ਹੈ ਅਤੇ ਪੰਜਾਬ ਪੁਲਿਸ ਵੱਲੋਂ ਇਸ ਰਣਨੀਤੀ ਦੇ 'ਡੀਅਡਿਕਸ਼ਨ' ਹਿੱਸੇ ਵਜੋਂ 9 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਪ੍ਰੇਰਿਆ ਗਿਆ ਹੈ, ਜਦਕਿ ਪ੍ਰੀਵੈਂਸ਼ਨ ਹਿੱਸੇ ਤਹਿਤ ਅੱਜ ਸੂਬੇ ਭਰ ਵਿੱਚ 172 ਜਾਗਰੂਕਤਾ ਸਮਾਗਮ ਕਰਵਾਏ ਗਏ।

# ਜ਼ਮੀਨ ਦੇ ਇੰਤਕਾਲ ਬਦਲੇ ਰਿਸ਼ਵਤ ਲੈਂਦੇ ਪਟਵਾਰੀ ਨੂੰ ਵਿਜੀਲੈਂਸ ਨੇ ਰੰਗੇ ਹੱਥੀਂ ਕੀਤਾ ਗ੍ਰਿਫ਼ਤਾਰ



ਚੰਡੀਗੜ੍ਹ, (ਲੋਕ ਬਾਣੀ) ਪੰਜਾਬ ਸਰਕਾਰ ਵੱਲੋਂ ਭ੍ਰਿਸ਼ਟਾਚਾਰ ਵਿਰੁੱਧ ਅਪਣਾਈ ਜ਼ੀਰੋ ਸਹਿਣਸ਼ੀਲਤਾ ਨੀਤੀ ਤਹਿਤ ਪੰਜਾਬ ਵਿਜੀਲੈਂਸ ਬਿਊਰੋ ਨੇ ਪਟਵਾਰੀ ਅਮਨਦੀਪ ਸਿੰਘ, ਮਾਲ ਹਲਕਾ ਬੋਹਾ, ਤਹਿਸੀਲ ਬੁਢਲਾਡਾ, ਜਿਲ੍ਹਾ ਮਾਨਸਾ ਨੂੰ 4,000 ਰੁਪਏ ਬਤੌਰ ਰਿਸ਼ਵਤ ਹਾਸਲ ਕਰਦੇ ਹੋਏ ਰੰਗੇ ਹੱਥੀਂ ਗ੍ਰਿਫਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਪਟਵਾਰੀ ਵਿਰੁੱਧ ਇਹ ਕੇਸ ਬੋਹਾ ਦੇ ਇੱਕ ਵਿਅਕਤੀ ਦੀ ਸ਼ਿਕਾਇਤ ਦੇ ਆਧਾਰ ਤੇ ਦਰਜ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕੇ ਦੋਸ਼ ਲਗਾਇਆ ਕਿ ਉਸਦੀ ਭੈਣ ਨੇ ਸਾਲ 2023 ਵਿੱਚ 21 ਮਰਲੇ ਜ਼ਮੀਨ ਖਰੀਦ ਕਰਕੇ ਰਜਿਸਟਰੀ ਕਰਵਾ ਲਈ ਸੀ ਪਰੰਤੂ ਇੰਤਕਾਲ ਦਰਜ ਹੋਣਾ ਬਾਕੀ ਸੀ। ਜਦੋਂ ਉਹ ਇਸ ਜਮੀਨ ਦਾ ਇੰਤਕਾਲ ਦਰਜ ਕਰਵਾਉਣ ਲਈ ਉਕਤ ਪਟਵਾਰੀ ਨੂੰ ਮਿਲਿਆ ਤਾਂ ਉਸਨੇ ਜ਼ਮੀਨ ਦਾ ਇੰਤਕਾਲ ਦਰਜ ਕਰਨ ਬਦਲੇ ਉਸ ਕੋਲੋਂ 4,000 ਰੁਪਏ ਬਤੌਰ ਰਿਸ਼ਵਤ ਦੀ ਮੰਗ ਕੀਤੀ ਜਿਸਦੀ ਉਸਨੇ ਆਪਣੇ ਮੋਬਾਇਲ ਵਿੱਚ ਰਿਕਾਰਡਿੰਗ ਕਰ ਲਈ ਸੀ।

ਬੁਲਾਰੇ ਦੱਸਿਆ ਕਿ ਵਿਜੀਲੈਂਸ ਬਿਊਰੋ ਨੇ ਸ਼ਿਕਾਇਤ ਵਿੱਚ ਲਗਾਏ ਦੋਸ਼ਾਂ ਦੀ ਮੁੱਢਲੀ ਜਾਂਚ ਉਪਰੰਤ ਜਾਲ ਵਿਛਾਇਆ ਅਤੇ ਉਕਤ ਮੁਲਜ਼ਮ ਪਟਵਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਪਾਸੋਂ 4,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫਤਾਰ ਕਰ ਲਿਆ। ਇਸ ਸਬੰਧੀ ਉਕਤ ਪਟਵਾਰੀ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਥਾਣਾ ਵਿਜੀਲੈਂਸ ਬਿਊਰੋ ਰੇਂਜ ਬਠਿੰਡਾ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ। ਮੁਕੱਦਮੇ ਦੀ ਅਗਲੇਰੀ ਤਫਤੀਸ਼ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

# ਵਿਜੀਲੈਂਸ ਬਿਊਰੋ ਨੇ ਏਐਸਆਈ ਅਤੇ ਸੀਨੀਅਰ ਸਿਪਾਹੀ ਨੂੰ 50000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕੀਤਾ ਗ੍ਰਿਫ਼ਤਾਰ

ਚੰਡੀਗੜ੍ਹ (ਲੋਕ ਬਾਣੀ)- ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਆਪਣੀ ਮੁਹਿੰਮ ਦੌਰਾਨ ਐਤਵਾਰ ਨੂੰ ਬਰਨਾਲਾ ਜ਼ਿਲ੍ਹੇ ਦੇ ਥਾਣਾ ਮਹਿਲ ਕਲਾਂ ਵਿੱਚ ਤਾਇਨਾਤ ਸਹਾਇਕ ਸਬ ਇੰਸਪੈਕਟਰ (ਏਐਸਆਈ) ਜੱਗਾ ਸਿੰਘ (ਨੰਬਰ 636/ਬਰਨਾਲਾ) ਅਤੇ ਸੀਨੀਅਰ ਸਿਪਾਹੀ ਗੁਰਪ੍ਰੀਤ ਸਿੰਘ (ਨੰਬਰ 288/ਬਰਨਾਲਾ) ਨੂੰ 50,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਅੱਜ ਇੱਥੇ ਇਹ ਖੁਲਾਸਾ ਕਰਦਿਆਂ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਦੋਵੇਂ ਪੁਲਿਸ ਮੁਲਾਜ਼ਮਾਂ ਨੂੰ ਬਰਨਾਲਾ ਸ਼ਹਿਰ ਦੀ ਇੱਕ ਔਰਤ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੱਸਿਆ ਹੈ ਕਿ ਮਹਿਲ ਕਲਾਂ ਥਾਣੇ ਵਿੱਚ ਇੱਕ ਪੁਲਿਸ ਕੇਸ ਦਰਜ ਹੋਇਆ ਸੀ ਜਿਸ ਵਿੱਚ ਉਸਦੇ ਭਰਾ ਨੂੰ ਬਾਅਦ ਵਿੱਚ ਨਾਮਜ਼ਦ ਕਰਕੇ ਗ੍ਰਿਫ਼ਤਾਰ ਕਰ ਲਿਆ ਗਿਆ ਸੀ। ਉਸਨੇ ਦੋਸ਼ ਲਾਇਆ ਕਿ ਉਕਤ ਮੁਲਜ਼ਮ ਏਐਸਆਈ ਅਤੇ ਸੀਨੀਅਰ ਸਿਪਾਹੀ ਨੇ ਉਸ ਦੇ ਭਰਾ ਦਾ ਮੋਬਾਈਲ ਫੋਨ, ਘੜੀ, ਸੋਨੇ ਦੀ ਚੇਨ ਅਤੇ 10,000 ਰੁਪਏ ਦੀ ਨਕਦੀ ਵਾਪਸ ਕਰਨ ਲਈ ਉਸ ਕੋਲੋਂ ਰਿਸ਼ਵਤ ਦੀ ਮੰਗ ਕੀਤੀ



ਹੈ।ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਤਸਦੀਕ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਦੋਵਾਂ ਮੁਲਜ਼ਮਾਂ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 50,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਮੌਕੇ ਤੇ ਹੀ ਗ੍ਰਿਫ਼ਤਾਰ ਕਰ ਲਿਆ ਗਿਆ। ਇਸ ਸਬੰਧ ਵਿੱਚ ਦੋਵਾਂ ਮੁਲਜ਼ਮਾਂ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਰੇਂਜ ਵਿਖੇ ਕੇਸ ਦਰਜ ਕੀਤਾ ਗਿਆ ਹੈ। ਇਸ ਮਾਮਲੇ ਦੀ ਹੋਰ ਜਾਂਚ ਜਾਰੀ ਹੈ।

# ਪੰਜਾਬ ਦੇ ਤਹਿਸੀਲਦਾਰਾਂ ਨੇ ਭਲਕੇ 3 ਮਾਰਚ ਨੂੰ ਹੜਤਾਲ ਤੇ ਜਾਣ ਦਾ ਕੀਤਾ ਐਲਾਨ




ਚੰਡੀਗੜ੍ਹ (ਲੋਕ ਬਾਣੀ)- ਪੰਜਾਬ ਦੀਆਂ ਸਾਰੀਆਂ ਤਹਿਸੀਲਾਂ ਵਿੱਚ ਭਲਕੇ ਯਾਨੀ 3 ਮਾਰਚ ਨੂੰ ਕਲਮ ਨਹੀਂ ਚਲੇਗੀ। ਜੀ ਹਾਂ ਪੰਜਾਬ ਦੀਆਂ ਸਾਰੀਆਂ ਤਹਿਸੀਲਾ ਚ ਤਹਿਸੀਲਦਾਰਾਂ ਵੱਲੋਂ ਭਲਕੇ ਸਮੂਹਿਕ ਹੜਤਾਲ ਤੇ ਜਾਣ ਦਾ ਐਲਾਨ ਕੀਤਾ ਗਿਆ ਹੈ। ਇਹ ਜਾਣਕਾਰੀ ਪੰਜਾਬ ਰੈਵੀਨਿਊ ਅਫਸਰ ਐਸੋਸੀਏਸ਼ਨ ਵੱਲੋਂ ਦਿੱਤੀ ਗਈ ਹੈ। ਕੱਲ੍ਹ ਤਹਿਸੀਲਾਂ ਚ ਕਿਸੇ ਵੀ ਪ੍ਰਕਾਰ ਦਾ ਕੋਈ ਕੰਮ-ਕਾਜ ਨਹੀਂ ਹੋਵੇਗਾ। ਜਿਸ ਨਾਲ ਆਮ ਲੋਕਾਂ ਨੂੰ ਖੱਜਲ-ਖੁਆਰੀ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਪੰਜਾਬ ਰੈਵੀਨਿਊ ਅਫਸਰ ਐਸੋਸੀਏਸ਼ਨ ਵੱਲੋਂ ਸਰਕਾਰ ਅਤੇ ਵਿਜੀਲੈਂਸ ਵਿਭਾਗ ਦੀ ਕਾਰਵਾਈ ਦੀ ਨਿੰਦਾ ਕਰਦੇ ਹੋਏ ਸਮੂਹਿਕ ਛੁੱਟੀ ਤੇ ਜਾਣ ਦਾ

# ਪੰਜਾਬ ਪੁਲਿਸ ਨੇ ਗੈਂਗਸਟਰ ਪਵਿੱਤਰ ਚੌੜਾ ਵੱਲੋਂ ਚਲਾਏ ਜਾ ਰਹੇ ਗ਼ੈਰ-ਕਾਨੂੰਨੀ ਹਥਿਆਰ ਤਸਕਰੀ ਮਾਡਿਊਲ ਦਾ ਕੀਤਾ ਪਰਦਾਫਾਸ਼ ; ਚਾਰ ਪਿਸਤੌਲਾਂ ਸਮੇਤ ਦੋ ਗ੍ਰਿਫ਼ਤਾਰ

ਚੰਡੀਗੜ੍ਹ/ਪਠਾਨਕੋਟ, (ਲੋਕ ਬਾਣੀ)ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਦੇ ਮੱਦੇਨਜ਼ਰ ਚੱਲ ਰਹੀ ਮੁਹਿੰਮ ਦੌਰਾਨ ਇੱਕ ਵੱਡੀ ਸਫਲਤਾ ਦਰਜ ਕਰਦਿਆਂ ਕਾਊਂਟਰ ਇੰਟੈਲੀਜੈਂਸ ਪਠਾਨਕੋਟ ਦੀ ਟੀਮ ਨੇ ਗੈਰ-ਕਾਨੂੰਨੀ ਹਥਿਆਰ ਤਸਕਰੀ ਮਾਡਿਊਲ ਦੇ ਦੋ ਮੈਂਬਰਾਂ ਨੂੰ ਚਾਰ ਪਿਸਤੌਲਾਂ ਅਤੇ ਗੋਲੀ ਸਿੱਕੇ ਸਮੇਤ ਗ੍ਰਿਫ਼ਤਾਰ ਕਰਕੇ, ਇਸ ਗਿਰੋਹ ਦਾ ਪਰਦਾਫਾਸ਼ ਕੀਤਾ ਹੈ । ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਵੀਰਵਾਰ ਨੂੰ ਇੱਥੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਕੰਵਲਪ੍ਰੀਤ ਸਿੰਘ ਉਰਫ਼ ਕੰਵਰ, ਜੋ ਕਿ ਬਟਾਲਾ ਦੇ ਪਿੰਡ ਬੁੱਟਰ ਕਲਾਂ ਦਾ ਰਹਿਣ ਵਾਲਾ ਹੈ ਅਤੇ ਰਣਜੀਤ ਸਿੰਘ, ਜੋ ਕਿ ਗੁਰਦਾਸਪੁਰ ਦੇ ਭੈਣੀ ਬਾਂਗਰ ਦਾ ਰਹਿਣ ਵਾਲਾ ਹੈ, ਵਜੋਂ ਹੋਈ ਹੈ। ਬਰਾਮਦ ਕੀਤੇ ਗਏ ਹਥਿਆਰਾਂ ਵਿੱਚ ਇੱਕ 9 ਐਮਐਮ ਗਲੌਕ ਪਿਸਤੌਲ, ਇੱਕ .30 ਬੋਰ ਪਿਸਤੌਲ ਅਤੇ ਦੋ .32 ਬੋਰ ਪਿਸਤੌਲ ਸਮੇਤ ਚਾਰ ਮੈਗਜ਼ੀਨ ਅਤੇ 39 ਕਾਰਤੂਸ ਸ਼ਾਮਲ ਹਨ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਇਹ ਪਤਾ ਲੱਗਿਆ ਹੈ ਕਿ ਮੁਲਜ਼ਮ ਕੰਵਲਪ੍ਰੀਤ ਅਮਰੀਕਾ ਸਥਿਤ ਗੈਂਗਸਟਰ ਪਵਿੱਤਰ ਸਿੰਘ ਚੌੜਾ, ਜੋ ਕਿ ਬਟਾਲਾ ਦੇ ਪਿੰਡ ਚੌੜਾ ਦਾ ਰਹਿਣ ਵਾਲਾ ਹੈ, ਦੇ ਸੰਪਰਕ ਵਿੱਚ ਸੀ ਅਤੇ ਉਸਦੇ ਇਸ਼ਾਰੇ 'ਤੇ ਕੰਮ ਕਰ ਰਿਹਾ ਸੀ। ਜਾਂਚ ਵਿੱਚ ਇਹ ਗੱਲ ਵੀ ਸਾਹਮਣੇ ਆਈ ਹੈ ਕਿ ਗੈਂਗਸਟਰ ਪਵਿੱਤਰ ਚੌੜਾ ਨੇ ਅਪਰਾਧਿਕ ਤੱਤਾਂ ਨੂੰ ਸਪਲਾਈ ਕਰਨ ਲਈ ਹਥਿਆਰਾਂ ਦੀ ਖੇਪ ਦਾ ਪ੍ਰਬੰਧ ਕੀਤਾ ਸੀ ਤਾਂ ਜੋ ਇਹਨਾਂ ਹਥਿਆਰਾਂ ਨਾਲ ਸਰਹੱਦੀ ਸੂਬੇ ਵਿੱਚ ਮਿਹਨਤ ਨਾਲ ਸਥਾਪਿਕ ਕੀਤੀ ਸ਼ਾਂਤੀ ਅਤੇ ਸਦਭਾਵਨਾ ਨੂੰ ਢਾਹ ਲਾਈ ਜਾ ਸਕੇ।

ਡੀਜੀਪੀ ਨੇ ਕਿਹਾ ਕਿ ਇਸ ਪੂਰੇ ਨੈੱਟਵਰਕ ਦਾ ਪਤਾ ਲਗਾਉਣ ਅਤੇ ਅਗਲੇਰੇ-ਪਿਛਲੇਰੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਮੁਲਜ਼ਮਾਂ ਵੱਲੋਂ ਕੀਤੇ ਗਏ ਹੋਰ ਅਪਰਾਧਾਂ ਦਾ ਪਤਾ ਲਗਾਉਣ ਲਈ ਵੀ ਯਤਨ ਕੀਤੇ ਜਾ ਰਹੇ ਹਨ।ਹੋਰ ਜਾਣਕਾਰੀ ਸਾਂਝੀ ਕਰਦੇ ਹੋਏ, ਏ.ਆਈ.ਜੀ. ਸੀ.ਆਈ. ਪਠਾਨਕੋਟ ਸੁਖਮਿੰਦਰ ਸਿੰਘ ਮਾਨ ਨੇ ਕਿਹਾ ਕਿ ਭਰੋਸੇਯੋਗ ਸੂਤਰਾਂ ਤੋਂ ਖੁਫੀਆ ਇਤਲਾਹ ਮਿਲੀ ਸੀ ਕਿ ਗੈਂਗਸਟਰ ਪਵਿੱਤਰ ਚੌੜਾ ਦੇ ਦੋ ਕਾਰਕੁਨਾਂ ਨੇ ਹਥਿਆਰਾਂ ਦੀ ਖੇਪ ਹਾਸਲ ਕੀਤੀ ਹੈ। ਇਸ 'ਤੇ, ਸੀ.ਆਈ. ਪਠਾਨਕੋਟ ਦੀਆਂ ਪੁਲਿਸ ਟੀਮਾਂ ਨੇ ਇੱਕ ਖੁਫ਼ੀਆ ਕਾਰਵਾਈ ਸ਼ੁਰੂ ਕੀਤੀ ਅਤੇ ਪੁਲਿਸ ਜ਼ਿਲ੍ਹਾ ਬਟਾਲਾ ਦੇ ਖੇਤਰ ਤੋਂ ਦੋਵੇਂ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ।

ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਦੋਵੇਂ ਮੁਲਜ਼ਮਾਂ ਦਾ ਅਪਰਾਧਿਕ ਪਿਛੋਕੜ ਹੈ । ਜ਼ਿਕਰਯੋਗ ਹੈ ਕਿ ਮੁਲਜ਼ਮ ਕੰਵਲਪ੍ਰੀਤ ਸਿੰਘ ਨੂੰ ਇਰਾਦਾ ਕਤਲ , ਅਪਰਾਧਿਕ ਘੁਸਪੈਠ ਸਮੇਤ ਨੁਕਸਾਨ ਪਹੁੰਚਾਉਣ ਸਬੰਧੀ ਤਿੰਨ ਅਪਰਾਧਿਕ ਮਾਮਲਿਆਂ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਸੀ।




ਉਨ੍ਹਾਂ ਅੱਗੇ ਦੱਸਿਆ ਕਿ 10 ਦਸੰਬਰ, 2024 ਨੂੰ ਗੁਰਦਾਸਪੁਰ ਜੇਲ੍ਹ ਤੋਂ ਰਿਹਾਅ ਹੋਣ ਪਿੱਛੋਂ ਮੁਲਜ਼ਮ ਕੰਵਲਪ੍ਰੀਤ ਫਿਰ ਅਪਰਾਧਿਕ ਗਤੀਵਿਧੀਆਂ ਵਿੱਚ ਸ਼ਾਮਲ ਹੋ ਗਿਆ ਅਤੇ ਉਸ ਵਿਰੁੱਧ ਗੋਲੀਬਾਰੀ ਦਾ ਮਾਮਲਾ ਦਰਜ ਕੀਤਾ ਗਿਆ ਸੀ , ਜਿਸ ਵਿੱਚ ਕੁਝ ਵਿਅਕਤੀਆਂ ਵੱਲੋਂ ਘਰ ਦੇ ਮਾਲਕ ਨੂੰ ਮਾਰਨ ਦੇ ਇਰਾਦੇ ਨਾਲ ਇੱਕ ਘਰ 'ਤੇ ਗੋਲੀਆਂ ਚਲਾਈਆਂ ਗਈਆਂ ਸਨ।

ਏ.ਆਈ.ਜੀ. ਨੇ ਕਿਹਾ ਕਿ ਇਸੇ ਤਰ੍ਹਾਂ, ਮੁਲਜ਼ਮ ਰਣਜੀਤ ਸਿੰਘ ਵੀ ਪੁਲਿਸ ਜ਼ਿਲ੍ਹਾ ਬਟਾਲਾ ਦੇ ਥਾਣਾ ਘਣੀਏ ਕੇ ਬਾਂਗਰ ਵਿਖੇ ਦਰਜ ਅਸਲਾ ਐਕਟ ਤਹਿਤ ਇੱਕ ਮਾਮਲੇ ਵਿੱਚ ਸ਼ਾਮਲ ਹੈ।

ਇਸ ਸਬੰਧੀ ਪੁਲਿਸ ਸਟੇਸ਼ਨ ਐਸ.ਐਸ.ਓ.ਸੀ. ਅੰਮ੍ਰਿਤਸਰ ਵਿਖੇ ਐਫਆਈਆਰ ਨੰਬਰ 12 ਮਿਤੀ 05.03.2025 ਨੂੰ ਅਸਲਾ ਐਕਟ ਦੀ ਧਾਰਾ 25 ਅਤੇ ਬੀਐਨਐਸ ਦੀ ਧਾਰਾ 61(2) ਤਹਿਤ ਦਰਜ ਕੀਤਾ ਗਿਆ ਹੈ।

# ਵਿਜੀਲੈਂਸ ਬਿਊਰੋ ਨੇ 20000 ਰੁਪਏ ਰਿਸ਼ਵਤ ਲੈਂਦੇ ਪਟਵਾਰੀ ਤੇ ਉਸਦੇ ਸਾਥੀ ਨੂੰ ਕੀਤਾ ਗ੍ਰਿਫ਼ਤਾਰ



ਚੰਡੀਗੜ੍ਹ, (ਲੋਕ ਬਾਣੀ) ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਤਹਿਤ ਮੰਗਲਵਾਰ ਨੂੰ ਪਟਿਆਲਾ ਜ਼ਿਲ੍ਹੇ ਦੀ ਤਹਿਸੀਲ ਰਾਜਪੁਰਾ ਦੇ ਮਾਲ ਹਲਕਾ ਸ਼ਾਮਦੋ ਵਿਖੇ ਤਾਇਨਾਤ ਪਟਵਾਰੀ ਅਸ਼ੋਕ ਕੁਮਾਰ ਅਤੇ ਉਸਦੇ ਕਾਰਿੰਦੇ ਗੁਰਜੀਤ ਸਿੰਘ ਨੂੰ 20000 ਰੁਪਏ ਰਿਸ਼ਵਤ ਮੰਗਣ ਅਤੇ ਲੈਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਹੈ।

ਅੱਜ ਇੱਥੇ ਇਹ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਕਿਹਾ ਕਿ ਇਹ ਕੇਸ ਪਟਿਆਲਾ ਜ਼ਿਲ੍ਹੇ ਦੇ ਪਿੰਡ ਸ਼ੇਖਪੁਰਾ ਰਾਜਪੂਤਾਂ ਦੇ ਵਸਨੀਕ ਵੱਲੋਂ ਦਰਜ ਕੀਤੀ ਗਈ ਸ਼ਿਕਾਇਤ ਦੇ ਆਧਾਰ 'ਤੇ ਦਰਜ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਗਾਇਆ ਕਿ ਉਕਤ ਪਟਵਾਰੀ ਅਤੇ ਉਸਦੇ ਸਾਥੀ (ਏਜੰਟ) ਨੇ ਸ਼ਿਕਾਇਤਕਰਤਾ ਦੀ ਜ਼ਮੀਨ ਨਾਲ ਸਬੰਧਤ 'ਜਮਾਬੰਦੀ' ਰਿਕਾਰਡ ਵਿੱਚ ਸੋਧ ਕਰਨ ਲਈ 20000 ਰੁਪਏ ਰਿਸ਼ਵਤ ਦੀ ਮੰਗ ਕੀਤੀ ਹੈ।

ਬੁਲਾਰੇ ਨੇ ਅੱਗੇ ਕਿਹਾ ਕਿ ਸ਼ਿਕਾਇਤ ਵਿੱਚ ਦੋਸ਼ਾਂ ਦੀ ਮੁੱਢਲੀ ਜਾਂਚ ਤੋਂ ਬਾਅਦ, ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਤੇ ਉਕਤ ਮੁਲਜ਼ਮ ਪਟਵਾਰੀ ਅਤੇ ਉਸਦੇ ਕਾਰਿੰਦੇ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ 20000 ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧ ਵਿੱਚ ਦੋਵਾਂ ਮੁਲਜ਼ਮਾਂ ਵਿਰੁੱਧ ਵਿਜੀਲੈਂਸ ਬਿਊਰੋ ਪੁਲਿਸ ਥਾਣਾ, ਪਟਿਆਲਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ। ਇਸ ਕੇਸ ਦੀ ਹੋਰ ਜਾਂਚ ਜਾਰੀ ਹੈ।

# ਨਸ਼ਾ ਤਸਕਰਾਂ ਦੇ ਘਰ ਅਤੇ ਦੁਕਾਨਾਂ ਨੂੰ ਕੀਤਾ ਢਹਿ ਢੇਰੀ



ਫ਼ਗਵਾੜਾ-ਅੰਮ੍ਰਿਤਸਰ 6 ਮਾਰਚ (ਸੁਸ਼ੀਲ ਸ਼ਰਮਾ) ਅੰਮ੍ਰਿਤਸਰ ਕਾਰਪੋਰੇਸ਼ਨ ਨੇ ਪੰਜਾਬ ਪੁਲਿਸ ਦੀ ਸਹਾਇਤਾ ਨਾਲ ਨਸ਼ਾ ਤਸਕਰਾਂ ਵਿਰੁੱਧ ਵੱਡੀ ਕਾਰਵਾਈ ਕਰਦਿਆਂ ਨਸ਼ਾ ਤਸਕਰਾਂ ਵੱਲੋਂ ਨਸ਼ੇ ਵੇਚਕੇ ਬਣਾਏ ਗਏ ਦੋ-ਮੰਜ਼ਿਲਾ ਘਰ,ਦੁਕਾਨਾਂ ਨੂੰ ਜੇ.ਸੀ. ਬੀ.ਮਸ਼ੀਨਾਂ ਦੀ ਮਦਦ ਨਾਲ ਢਾਹ ਦਿੱਤਾ ਹੈ।

ਨਸ਼ਾ ਤਸਕਰੀ ਵਿਰੁੱਧ ਸਖ਼ਤ ਸੁਨੇਹਾ ਦਿੰਦਿਆਂ ਕੀਤੀ ਗਈ ਇਸ ਕਾਰਵਾਈ ਦੀ ਨਿਗਰਾਨੀ ਪੁਲਿਸ ਕਮਿਸ਼ਨਰ ਸ ਗੁਰਪ੍ਰੀਤ ਸਿੰਘ ਭੁੱਲਰ ਨੇ ਖ਼ੁਦ ਮੌਕੇ ਤੇ ਖੜ੍ਹਕੇ ਕੀਤੀ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਵਿਧਾਇਕ ਜੀਵਨਜੋਤ ਕੌਰ ਨੇ ਨਸ਼ਾ ਤਸਕਰਾਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ ਭਗਵੰਤ ਸਿੰਘ ਮਾਨ ਦਾ ਸਪਸ਼ਟ ਸੁਨੇਹਾ ਹੈ ਕਿ ਨਸ਼ਾ ਤਸਕਰ ਜਾਂ ਤਾਂ ਇਹ ਗੈਰ ਕਾਨੂੰਨੀ ਕੰਮ ਛੱਡ ਜਾਣ ਜਾਂ ਪੰਜਾਬ । ਉਹਨਾਂ ਕਿਹਾ ਕਿ ਹੁਣ ਇਹਨਾਂ ਦਾ ਇਹ ਗੋਰਖ ਧੰਦਾ ਰਾਜ ਵਿੱਚ ਨਹੀਂ ਚੱਲਣ ਦਿੱਤਾ ਜਾਵੇਗਾ ਅਤੇ ਜੋ ਵੀ ਇਸ ਕਾਲੇ ਧੰਦੇ ਵਿੱਚ ਸ਼ਾਮਿਲ ਹੋਇਆ ਉਸ ਵਿਰੁੱਧ ਕਾਰਵਾਈ ਕੀਤੀ ਜਾਵੇਗੀ।

ਇਸ ਮੌਕੇ ਪੁਲਿਸ ਕਮਿਸ਼ਨਰ ਸ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਤੇ ਡੀ.ਜੀ.ਪੀ. ਗੌਰਵ ਯਾਦਵ ਦੀ ਅਗਵਾਈ ਹੇਠ ਨਸ਼ਿਆਂ ਦੇ ਕਾਲੇ ਕਾਰੋਬਾਰ ਵਿੱਚ ਲੱਗੇ ਮਾੜੇ ਅਨਸਰਾਂ ਵਿਰੁੱਧ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ ਅਤੇ ਕਿਸੇ ਵੀ ਨਸ਼ਾ ਤਸਕਰ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਉਹਨਾਂ ਦੱਸਿਆ ਕਿ ਅੱਜ ਭਰਾੜੀਵਾਲ ਅਤੇ ਮਕਬੂਲਪੁਰਾ ਇਲਾਕੇ ਵਿੱਚ ਦੋ ਤਸਕਰਾਂ ਵਿਰੁੱਧ ਇਹ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ ।

ਮਕਬੂਲਪੁਰਾ ਵਿਖੇ ਢਾਹੇ ਗਏ ਮਕਾਨ ਜੋ ਕਿ ਨਸ਼ਾ ਤਸਕਰ ਗੁਰਮੀਤ ਸਿੰਘ ਦਾ ਹੈ,ਬਾਰੇ ਜਾਣਕਾਰੀ ਦਿੰਦੇ ਉਹਨਾਂ ਨੇ ਦੱਸਿਆ ਕਿ ਗੁਰਮੀਤ ਸਿੰਘ ਵੱਲੋਂ ਨਸ਼ਿਆਂ ਦੇ ਕਾਰੋਬਾਰ ਤੋਂ ਮਕਬੂਲਪੁਰਾ ਵਿਖੇ ਅਣ ਅਧਿਕਾਰਤ ਤੌਰ ਉੱਤੇ ਨਾਜਾਇਜ਼ ਉਸਾਰੀਆਂ ਕਰਕੇ ਮਕਾਨ ਅਤੇ ਦੁਕਾਨਾਂ ਬਣਾਈਆਂ ਗਈਆਂ ਹਨ,ਜਿਸ ਨੂੰ ਅੱਜ ਕਾਰਪੋਰੇਸ਼ਨ ਦੀ ਮਦਦ ਨਾਲ ਢਾਹ ਦਿੱਤਾ ਗਿਆ ਹੈ। ਉਹਨਾਂ ਦੱਸਿਆ ਕਿ ਗੁਰਮੀਤ ਸਿੰਘ ਵਿਰੁੱਧ ਤਿੰਨ ਮੁਕਦਮੇ ਦਰਜ ਹਨ, ਜਿਨਾਂ ਵਿੱਚ 325 ਗ੍ਰਾਮ ਸਮੈਕ ਅਤੇ 350 ਗ੍ਰਾਮ ਹੈਰੋਇਨ ਦੀ ਬਰਾਮਦਗੀ ਵੀ ਹੋਈ ਹੈ। ਉਹਨਾਂ ਦੱਸਿਆ ਕਿ ਉਕਤ ਦੋਸ਼ੀ ਇਸ ਵੇਲੇ ਅੰਮ੍ਰਿਤਸਰ ਜੇਲ ਵਿੱਚ ਬੰਦ ਹੈ।

ਭਰਾੜੀਵਾਲ ਵਿਖੇ ਢਾਹੀ ਗਈ ਉਸਾਰੀ ਬਾਰੇ ਜਾਣਕਾਰੀ ਦਿੰਦੇ ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਇਹ ਮਕਾਨ ਸੰਦੀਪ ਸਿੰਘ ਉਰਫ ਸੋਨੂ ਪੁੱਤਰ ਰੂਪ ਸਿੰਘ ਵਾਸੀ ਨੌਸ਼ਹਿਰਾ ਢਾਲਾ ਦਾ ਹੈ । ਉਹਨਾਂ ਦੱਸਿਆ ਕਿ ਉਕਤ ਦੋਸ਼ੀ ਵਿਰੁੱਧ ਚਾਰ ਮੁਕਦਮੇ ਦਰਜ ਹਨ ,ਜਿਨਾਂ ਵਿੱਚ ਸਰਾਏ ਅਮਾਨਤ ਖਾਨ ਵਿਖੇ ਤਿੰਨ ਅਤੇ ਐਂਟੀ ਨਾਰਕੋਟਿਕ ਫੋਰਸ ਮੁਹਾਲੀ ਦੇ ਮੁਕਦਮੇ ਸ਼ਾਮਿਲ ਹਨ। ਇਹ ਦੋਸ਼ੀ ਬਠਿੰਡਾ ਜੇਲ ਵਿੱਚ ਸੀ,ਜਿੱਥੋਂ ਥੋੜੇ ਦਿਨ ਪਹਿਲਾਂ ਹੀ ਜਮਾਨਤ ਉੱਤੇ ਬਾਹਰ ਆਇਆ ਹੈ। ਉਹਨਾਂ ਨਸ਼ਾ ਤਸਕਰਾਂ ਨੂੰ ਸਖਤ ਚੇਤਾਵਨੀ ਦਿੰਦੇ ਕਿਹਾ ਕਿ ਜੋ ਵੀ ਵਿਅਕਤੀ ਇਸ ਕਾਲੇ ਧੰਦੇ ਵਿੱਚ ਸ਼ਾਮਿਲ ਹਨ ਨੂੰ ਬਖਸ਼ਿਆ ਨਹੀਂ ਜਾਵੇਗਾ। ਇਸ ਮੌਕੇ ਡੀ.ਸੀ.ਪੀ.ਸ੍ਰੀ ਆਲਮ ਵਿਜੇ ਸਿੰਘ, ਏ.ਡੀ.ਸੀ.ਪੀ.ਸ੍ਰੀ ਵਿਸ਼ਾਲ ਜੀਤ ਸਿੰਘ ਅਤੇ ਹਰਪਾਲ ਸਿੰਘ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

# ਮੇਹਟਾਂ-ਮੇਹਲੀ ਬਾਈਪਾਸ ਰੋਡ ਵਿਖੇ 38ਵੇਂ ਸਲਾਨਾ ਹੋਲਾ ਮਹੱਲਾ ਲੰਗਰ ਦੀ ਹੋਈ ਆਰੰਭਤਾ




ਫਗਵਾੜਾ ( ਸੁਸ਼ੀਲ ਸ਼ਰਮਾ ) ਹੋਲਾ ਮਹੱਲਾ ਲੰਗਰ ਕਮੇਟੀ (ਰਜਿ.) ਫਗਵਾੜਾ ਵਲੋਂ ਮੇਹਟਾਂ-ਮੇਹਲੀ ਬਾਈਪਾਸ ਰੋਡ (ਨੇੜੇ ਰਾਧਾ ਸੁਆਮੀ ਸਤਿਸੰਗ ਘਰ) ਵਿਖੇ ਸਮੂਹ ਸਾਧ ਸੰਗਤ ਦੇ ਸਹਿਯੋਗ ਨਾਲ ਹੋਲਾ ਮਹੱਲਾ ਸ੍ਰੀ ਆਨੰਦਪੁਰ ਸਾਹਿਬ ਨੂੰ ਜਾਣ ਵਾਲੀ ਸੰਗਤ ਦੀ ਸੇਵਾ 'ਚ ਹਰ ਸਾਲ ਦੀ ਤਰ੍ਹਾਂ 38ਵੇਂ ਲੰਗਰ ਦੀ ਅੱਜ ਅਰਦਾਸ ਉਪਰੰਤ ਆਰੰਭਤਾ ਕੀਤੀ ਗਈ। ਕਮੇਟੀ ਪ੍ਰਧਾਨ ਕੁਲਵੰਤ ਸਿੰਘ ਬਿੱਟੂ, ਕੈਸ਼ੀਅਰ ਤਲਵਿੰਦਰ ਸਿੰਘ, ਸੁਖਦਿਆਲ ਸਿੰਘ, ਬਲਿਹਾਰ ਸਿੰਘ, ਬਿੰਦਰਜੀਤ ਸਿੰਘ, ਅਮਰਜੀਤ ਸਿੰਘ ਤੇ ਗੁਰਮੀਤ ਸਿੰਘ ਨੇ ਦੱਸਿਆ ਕਿ ਇਹ ਸੇਵਾ 6 ਮਾਰਚ ਤੋਂ 15 ਮਾਰਚ ਜਾਰੀ ਰਹੇਗੀ। ਉਹਨਾਂ ਦੱਸਿਆ ਕਿ ਸੇਵਾਦਾਰ ਨੌਜਵਾਨਾਂ ਤੇ ਬੀਬੀਆਂ ਵਿਚ 24 ਘੰਟੇ ਲੰਗਰ ਦੀ ਸੇਵਾ ਨਿਭਾਉਣ ਨੂੰ ਲੈ ਕੇ ਭਾਰੀ ਉਤਸ਼ਾਹ ਹੈ। ਪ੍ਰਬੰਧਕਾਂ ਨੇ ਦੱਸਿਆ ਕਿ ਛੋਟੇ ਬੱਚਿਆਂ ਲਈ ਦੁੱਧ, ਸੰਗਤਾਂ ਲਈ ਚਾਹ ਅਤੇ ਬੀਮਾਰਾਂ ਲਈ ਦਵਾਈਆਂ ਦਾ ਵੀ ਹਰ ਸਾਲ ਦੀ ਤਰ੍ਹਾਂ ਖਾਸ ਤੌਰ ਤੇ ਪ੍ਰਬੰਧ ਕੀਤਾ ਗਿਆ ਹੈ। ਉਹਨਾਂ ਦੱਸਿਆ ਕਿ ਦੇਸ਼ ਵਿਦੇਸ਼ ਦੀ ਸੰਗਤ ਵਲੋਂ ਇਸ ਲੰਗਰ ਵਿਚ ਭਰਪੂਰ ਸਹਿਯੋਗ ਕੀਤਾ ਜਾ ਰਿਹਾ ਹੈ। ਨਾਲ ਹੀ ਉਹਨਾਂ ਅਪੀਲ ਕੀਤੀ ਕਿ ਸੰਗਤਾਂ ਲੰਗਰ ਵਿਚ ਰਸਦ ਜਾਂ ਕੋਈ ਹੋਰ ਸਹਿਯੋਗ ਕਰਨ ਲਈ ਹੋਲਾ ਮਹੱਲਾ ਲੰਗਰ ਕਮੇਟੀ ਨਾਲ ਸੰਪਰਕ ਕਰ ਸਕਦੀ ਹੈ। ਇਸ ਮੌਕੇ ਬਾਬਾ ਜਸਵੀਰ ਸਿੰਘ ਬਾਬਾ ਗਧੀਆ, ਮਹਿੰਦਰ ਸਿੰਘ ਯੂ.ਕੇ., ਅਮਰੀਕ ਸਿੰਘ ਯੂ.ਕੇ., ਪਿਆਰਾ ਸਿੰਘ, ਮਨਵੀਰ ਸਿੰਘ, ਹਰਜੋਤ ਸਿੰਘ, ਮਨਜੀਤ ਸਿੰਘ ਯੂ.ਐਸ.ਏ., ਮਨਿੰਦਰ ਸਿੰਘ, ਗੁਰਪ੍ਰੀਤ ਸਿੰਘ, ਜੀਵਨਜੋਤ ਸਿੰਘ, ਜਸਮੀਤ ਸਿੰਘ, ਗੁਰਪਾਲ ਸਿੰਘ, ਹਨੀ ਹਲਵਾਈ, ਸਨੀ ਚਾਓ, ਕੁਲਵਿੰਦਰ ਸਿੰਘ, ਆਸ਼ੂ, ਮਾਨ ਸਿੰਘ ਆਦਿ ਹਾਜਰ ਸਨ।

# ਕਹਾਣੀਕਾਰ ਤਲਵਿੰਦਰ ਮੰਡ ਕੈਨੇਡਾ ਅਤੇ ਕਵੀ ਕਮਲ ਬੰਗਾ ਅਮਰੀਕਾ ਨਾਲ ਸਾਹਿਤਕ ਮਿੱਤਰ ਮਿਲਣੀ



ਫਗਵਾੜਾ, ( ਸੁਸ਼ੀਲ ਸ਼ਰਮਾ ) ਬਲੱਡ ਬੈਂਕ ਹਰਗੋਬਿੰਦ ਨਗਰ ਫਗਵਾੜਾ ਵਿਖੇ ਪ੍ਰਿੰਸੀਪਲ ਗੁਰਮੀਤ ਸਿੰਘ ਪਲਾਹੀ ਵਲੋਂ ਪ੍ਰਵਾਸੀ ਸਾਹਿਤਕਾਰਾਂ ਨੂੰ ਜੀ ਆਇਆਂ ਆਖਣ ਅਤੇ ਵਿਚਾਰਾਂ ਦੀ ਸਾਂਝ ਪਾਉਣ ਲਈ ਮਿੱਤਰ ਮਿਲਣੀ ਦਾ ਆਯੋਜਨ ਕੀਤਾ ਗਿਆ। ਇਸ ਮਿੱਤਰ ਮਿਲਣੀ ਵਿੱਚ ਕਵੀ ਤੇ ਕਹਾਣੀਕਾਰ ਤਲਵਿੰਦਰ ਮੰਡ, ਅਮਰੀਕਾ ਵਸਦੇ ਕਵੀ ਕਮਲ ਬੰਗਾ ਸੈਕਰਾਮੈਂਟੋ ਅਤੇ ਪਰਮਿੰਦਰ ਸਿੰਘ ਮੰਡ ਬਰਤਾਨੀਆ ਸਥਾਨਕ ਸਾਹਿਤਕਾਰਾਂ ਨਾਲ ਨਿੱਘੀ ਗੱਲਵਕੜੀ ਪਾਉਣ ਲਈ ਸ਼ਾਮਲ ਹੋਏ।

ਇਹਨਾਂ ਨਾਲ ਆਪਣੇ ਵਿਚਾਰ ਸਾਂਝੇ ਕਰਨ ਲਈ ਸ਼ਾਇਰ ਤੇ ਚਿੰਤਕ ਪ੍ਰੋ. ਲਖਵਿੰਦਰ ਸਿੰਘ ਜੌਹਲ ਅਤੇ ਬਲਜਿੰਦਰ ਮਾਨ ਖ਼ਾਸ ਤੌਰ ਤੇ ਸ਼ਿਰਕਤ ਕਰਨ ਲਈ ਆਏ। ਪ੍ਰਿੰਸੀਪਲ ਗੁਰਮੀਤ ਸਿੰਘ ਪਲਾਹੀ ਵਲੋਂ ਇਹ ਨਿੱਘੀ ਮਿੱਤਰ ਮਿਲਣੀ ਤੇ ਗਲਵਕੜੀ ਪਾਉਣ ਦਾ ਵਿਲਖਣ ਉਪਰਾਲਾ ਸ਼ੁਰੂ ਕੀਤਾ ਗਿਆ ਹੈ। ਇਸ ਮਿੱਤਰ ਮਿਲਣੀ ਵਿੱਚ ਸ਼ਾਇਰ ਲਖਵਿੰਦਰ ਸਿੰਘ ਜੌਹਲ ਨੇ ਆਖਿਆ ਕਿ ਇਹ ਉਪਰਾਲੇ ਸਾਹਿਤਕਾਰਾਂ ਦੀ ਸ਼ਖ਼ਸ਼ੀਅਤ ਨੂੰ ਤਰਾਸ਼ਦੇ ਹਨ ਅਤੇ ਭਾਵੇਂ ਬਹੁਤੇ ਸਾਹਿਤਕਾਰਾਂ ਨੂੰ ਜ਼ਿੰਦਗੀ ਵਿੱਚ ਬਹੁਤ ਸਾਰੀਆਂ ਦੁਸ਼ਵਾਰੀਆਂ ਆਉਂਦੀਆਂ ਹਨ ਪਰ ਉਹ ਆਪਣਾ ਰਾਸਤਾ ਨਹੀਂ ਬਦਲਦੇ। ਇਸੇ ਤਰ੍ਹਾਂ, ਤਲਵਿੰਦਰ ਮੰਡ ਨੇ ਦੱਸਿਆ ਕਿ ਜੋ ਸਾਡੇ ਅਧਿਆਪਕਾਂ ਨੇ ਸਾਨੂੰ ਸਿਖਾਇਆ ਹੈ ਉਹੀ ਅਸੀਂ ਆਪਣੀਆਂ ਲਿਖਤਾਂ ਰਾਹੀਂ ਸਮਾਜ ਨੂੰ ਮੋੜ ਰਹੇ ਹਾਂ। ਉਹਨਾਂ ਦਾ ਇਸ਼ਾਰਾ ਪ੍ਰਿੰਸੀਪਲ ਗੁਰਮੀਤ ਸਿੰਘ ਪਲਾਹੀ ਵੱਲ ਸੀ, ਕਿਉਂਕਿ ਮੰਡ ਉਹਨਾਂ ਦਾ ਵਿਦਿਆਰਥੀ ਰਿਹਾ ਹੈ। ਪਰਮਿੰਦਰ ਸਿੰਘ ਮੰਡ ਨੇ ਵੀ ਆਪਣੇ ਬਾਹਰ ਦੇ ਤਜ਼ਰਬੇ ਹਾਜ਼ਰ ਸਾਹਿਤਕਾਰਾਂ ਨਾਲ ਸਾਂਝੇ ਕੀਤੇ। ਅੱਠਾਰਾਂ ਪੁਸਤਕਾਂ ਦੇ ਲੇਖਕ ਕਮਲ ਬੰਗਾ ਸੈਕਰਾਮੈਂਟੋ ਨੇ ਆਪਣੀਆਂ ਕਵਿਤਾਵਾਂ ਨਾਲ ਸਰੋਤਿਆਂ ਨੂੰ ਖੁਸ਼ ਕੀਤਾ।

ਬਲਜਿੰਦਰ ਮਾਨ ਜਿਹੜੇ ਕਿ ਬਾਲ ਸਾਹਿਤ ਨਾਲ ਸਬੰਧਤ ਮੈਗਜ਼ੀਨ 'ਨਿੱਕੀਆਂ ਕਰੂੰਬਲਾਂ' ਦੇ ਸੰਪਾਦਕ ਹਨ - ਨੇ ਹਾਜ਼ਰ ਪ੍ਰਵਾਸੀ ਸਾਹਿਤਕਾਰਾਂ ਨਾਲ ਆਪਣੀਆਂ ਪੁਰਾਣੀਆਂ ਯਾਦਾਂ ਵਿਅਕਤ ਕੀਤੀਆਂ। ਇਸ ਭਾਵ ਪੂਰਤ ਸਮਾਗਮ ਵਿੱਚ ਰਵਿੰਦਰ ਚੋਟ, ਪ੍ਰਵਿੰਦਰਜੀਤ ਸਿੰਘ, ਕਮਲੇਸ਼ ਸੰਧੂ ਅਤੇ ਐਸ.ਐਲ. ਵਿਰਦੀ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ। ਜਸਵਿੰਦਰ ਫਗਵਾੜਾ, ਮਨੋਜ ਫਗਵਾੜਵੀ, ਹਰਜਿੰਦਰ ਨਿਆਣਾ, ਸੋਹਣ ਸਹਿਜਲ, ਰਵਿੰਦਰ ਰਾਏ, ਮਹਿੰਦਰ ਸੂਦ ਵਿਰਕ ਅਤੇ ਮੋਹਣ ਸਿੰਘ ਯੂ.ਐਸ.ਏ. ਨੇ ਆਪਣੀਆਂ ਕਵਿਤਾਵਾਂ ਸੁਣਾਈਆਂ। ਹੋਰਾਂ ਤੋਂ ਇਲਾਵਾ ਬੰਸੋ ਦੇਵੀ, ਬਲਵੀਰ ਸਿੰਘ, ਬੱਗਾ ਸਿੰਘ ਆਰਟਿਸਟ ਅਤੇ ਮਨਦੀਪ ਸਿੰਘ ਵੀ ਹਾਜ਼ਰ ਸਨ।

# ਯੁਵਾ ਵਿਕਾਸ ਮੋਰਚਾ ਨੇ ਸਿਵਲ ਹਸਪਤਾਲ ਦੇ ਡਾ. ਰਾਜੇਸ਼ ਚੰਦਰ ਖਿਲਾਫ ਕੀਤਾ ਰੋਸ ਮੁਜਾਹਰਾ




ਫਗਵਾੜਾ ( ਸੁਸ਼ੀਲ ਸ਼ਰਮਾ ) ਯੂਵਾ ਵਿਕਾਸ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਅਨੂੰ ਸਹੋਤਾ ਅਤੇ ਜਨਰਲ ਸਕੱਤਰ ਅਸ਼ਵਨੀ ਸਹੋਤਾ ਨੇ ਅੱਜ ਗੁਰੂ ਹਰਗੋਬਿੰਦ ਨਗਰ ਸਥਿਤ ਡਾ. ਅੰਬੇਡਕਰ ਪਾਰਕ ਵਿਖੇ ਸਿਵਲ ਹਸਪਤਾਲ ਵਿਚ ਤਾਇਨਾਤ ਹੱਡੀਆਂ ਦੇ ਮਾਹਿਰ ਡਾ. ਰਾਜੇਸ਼ ਚੰਦਰ ਦੇ ਖਿਲਾਫ ਦੋ ਘੰਟੇ ਧਰਨਾ ਦਿੱਤਾ। ਇਸ ਦੌਰਾਨ ਗੱਲਬਾਤ ਕਰਦਿਆਂ ਉਹਨਾਂ ਦੱਸਿਆ ਕਿ ਡਾ. ਰਾਜੇਸ਼ ਚੰਦਰ ਵਲੋਂ ਅਣਗੇਹ੍ਲੀ ਨਾਲ ਕੀਤੇ ਆਪ੍ਰੇਸ਼ਨ ਕਾਰਨ ਸਾਜਨ ਸਿੰਘ ਪੁੱਤਰ ਨਿਰਮਲ ਸਿੰਘ ਵਾਸੀ ਪਿੰਡ ਭੁਲਾਰਾਈ ਤਹਿ: ਫਗਵਾੜਾ ਜ਼ਿਲਾ ਕਪੂਰਥਲਾ ਦੀ ਲੱਤ ਵਿਚ ਇੰਨਫੈਕਸ਼ਨ ਹੋ ਗਈ ਹੈ। ਉਹਨਾਂ ਦੱਸਿਆ ਕਿ ਸਾਜਨ ਸਿੰਘ ਦੇ ਇਲਾਜ 'ਤੇ 65 ਹਜਾਰ ਰੁਪਏ ਖਰਚ ਹੋਏ ਅਤੇ ਡਾ. ਰਾਜੇਸ਼ ਚੰਦਰ ਨੇ ਇਕ ਸਾਲ ਤੋਂ ਵੱਧ ਸਮੇ ਤੱਕ ਰਾਡ ਵੀ ਉਸਦੀ ਲੱਤ ਵਿੱਚ ਰਹਿਣ ਦਿੱਤੀ। ਜਿਸ ਕਾਰਨ ਹੋਏ ਇਨਫੈਕਸ਼ਨ ਦੇ ਚਲਦਿਆਂ ਹੁਣ ਲੱਤ ਵੱਡਣ ਦੀ ਨੌਬਤ ਆ ਗਈ ਹੈ। ਉਹਨਾਂ ਦੱਸਿਆ ਕਿ ਪੀੜ੍ਹਤ ਸਾਜਨ ਸਿੰਘ ਵਲੋਂ ਹੈਲਪ ਲਾਈਨ ਨੰਬਰ 104, ਸਿਵਲ ਸਰਜਨ ਕਪੂਰਥਲਾ ਅਤੇ ਐਸ. ਪੀ ਸਾਹਿਬ ਫਗਵਾੜਾ ਨੂੰ ਵੀ ਦਰਖਾਸਤਾਂ ਦਿੱਤੀਆਂ ਪਰ ਹੁਣ ਤੱਕ ਕੋਈ ਕਾਰਵਾਈ ਨਹੀਂ ਹੋਈ ਹੈ। ਉਹਨਾਂ ਚੇਤਾਵਨੀ ਦਿੱਤੀ ਕਿ ਜੇਕਰ ਡਾ: ਰਾਜੇਸ਼ ਚੰਦਰ ਦਾ ਡਾਕਟਰੀ ਲਾਈਸੈਂਸ ਕੈਂਸਲ ਕਰਕੇ ਬਣਦੀ ਕਾਰਵਾਈ ਨਾ ਕੀਤੀ ਗਈ ਤਾਂ ਯੂਵਾ ਵਿਕਾਸ ਮੋਰਚਾ ਪੀੜ੍ਹਤ ਨੂੰ ਇਨਸਾਫ ਦੁਆਉਣ ਲਈ ਐਸ. ਡੀ.ਐਮ ਫਗਵਾੜਾ ਦਫਤਰ ਅੱਗੇ ਧਰਨਾ ਲਗਾਏਗਾ। ਉਹਨਾਂ ਕਿਹਾ ਕਿ ਜਲਦੀ ਹੀ ਸਿਹਤ ਮੰਤਰੀ ਪੰਜਾਬ ਤੋਂ ਸਮਾਂ ਲੈ ਕੇ ਡਾ. ਰਾਜੇਸ਼ ਚੰਦਰ ਦੀ ਅਣਗੇਹ੍ਲੀ ਅਤੇ ਧੱਕੇਸ਼ਾਹੀ ਬਾਰੇ ਦੱਸਿਆ ਜਾਵੇਗਾ। ਅਨੂ ਸਹੋਤਾ ਨੇ ਡਾ. ਰਾਜੇਸ਼ ਚੰਦਰ ਉੱਪਰ ਪ੍ਰਾਈਵੇਟ ਪ੍ਰੈਕਟਿਸ ਕਰਨ ਦਾ ਦੋਸ਼ ਵੀ ਲਾਇਆ ਅਤੇ ਕਿਹਾ ਕਿ ਉਸਦੇ ਖਿਲਾਫ ਪਹਿਲਾਂ ਵੀ ਕਈ ਸ਼ਿਕਾਇਤਾਂ ਹੋ ਚੁੱਕੀਆਂ ਹਨ। ਦੂਸਰੇ ਪਾਸੇ ਡਾ. ਰਾਜੇਸ਼ ਚੰਦਰ ਦਾ ਪੱਖ ਜਾਣਨ ਦੀ ਕੋਸ਼ਿਸ਼ ਕੀਤੀ ਗਈ ਪਰ ਸੰਪਰਕ ਨਹੀਂ ਹੋ ਸਕਿਆ। ਇਸ ਮੌਕੇ ਪਵਨ ਬਸਰਾ, ਬਲਵੀਰ, ਪੰਕਜ ਸ਼ਰਮਾ, ਸਤਿੰਦਰ ਸੱਤੀ, ਅਮਰਜੀਤ ਆਦਿ ਵੀ ਹਾਜਰ ਸਨ।

# ਜੇ.ਪੀ.ਨੱਡਾ ਅਤੇ ਮਨਜਿੰਦਰ ਸਿਰਸਾ ਦਾ ਮੁਹਾਲੀ ਹਵਾਈ ਅੱਡੇ 'ਤੇ ਹਰਦੇਵ ਉੱਭਾ ਨੇ ਸਾਥੀਆਂ ਸਮੇਤ ਕੀਤਾ ਨਿੱਘਾ ਸਵਾਗਤ

ਫ਼ਗਵਾੜਾ-ਚੰਡੀਗੜ੍ਹ (ਸੁਸ਼ੀਲ ਸ਼ਰਮਾ) ਭਾਰਤੀ ਜਨਤਾ ਪਾਰਟੀ ਦੇ ਕੌਮੀ ਪ੍ਰਧਾਨ ਜਗਤ ਪ੍ਰਕਾਸ਼ ਨੱਡਾ (ਜੇ.ਪੀ.ਨੱਡਾ) ਅਤੇ ਦਿੱਲੀ ਭਾਜਪਾ ਦੀ ਰੇਖਾ ਗੁਪਤਾ ਸਰਕਾਰ ਦੇ ਕੈਬਨਿਟ ਮੰਤਰੀ ਮਨਜਿੰਦਰ ਸਿੰਘ ਸਿਰਸਾ ਅੱਜ ਆਪਣੇ ਚੰਡੀਗੜ੍ਹ ਦੌਰੇ ਦੌਰਾਨ ਮੁਹਾਲੀ ਦੇ ਸ਼ਹੀਦ ਭਗਤ ਸਿੰਘ ਹਵਾਈ ਅੱਡੇ 'ਤੇ ਪੁੱਜੇ,ਜਿੱਥੇ ਭਾਜਪਾ ਪੰਜਾਬ ਦੇ ਸੂਬਾ ਪ੍ਰੈਸ ਸਕੱਤਰ ਹਰਦੇਵ ਸਿੰਘ ਉੱਭਾ ਨੇ ਆਪਣੇ ਸਾਥੀਆਂ ਸਮੇਤ ਕੌਮੀ ਪ੍ਰਧਾਨ ਜੇ.ਪੀ. ਨੱਡਾ ਅਤੇ ਮਨਜਿੰਦਰ ਸਿੰਘ ਸਿਰਸਾ ਦਾ ਫੁੱਲਾਂ ਦੇ ਗੁਲਦਸਤਿਆਂ ਅਤੇ ਸਿਰੋਪਿਆਂ ਨਾਲ ਨਿੱਘਾ ਸਵਾਗਤ ਕੀਤਾ।



ਹਰਦੇਵ ਸਿੰਘ ਉੱਭਾ ਨੇ ਇਸ ਸਬੰਧੀ ਜਾਰੀ ਪ੍ਰੈਸ ਬਿਆਨ ਵਿੱਚ ਦੱਸਿਆ ਕਿ ਭਾਜਪਾ ਦੇ ਕੌਮੀ ਪ੍ਰਧਾਨ ਜੇ.ਪੀ.ਨੱਡਾ ਨੇ ਰਸਮੀ ਗੱਲਬਾਤ ਦੌਰਾਨ ਪੰਜਾਬ ਦੇ ਸਿਆਸੀ ਹਾਲਾਤਾਂ ਬਾਰੇ ਜਾਣਕਾਰੀ ਲਈ ਅਤੇ ਉਨ੍ਹਾਂ ਭਰੋਸਾ ਦਿੱਤਾ ਕਿ ਦਿੱਲੀ ਵਿੱਚ ਭਾਜਪਾ ਦੀ ਜਿੱਤ ਤੋਂ ਬਾਅਦ ਹੁਣ ਮੋਦੀ ਸਰਕਾਰ ਦਾ ਧਿਆਨ ਪੰਜਾਬ ਵੱਲ ਕੇਂਦਰਿਤ ਹੈ। ਪੰਜਾਬ ਦੇ ਲੋਕ ਕੇਜਰੀਵਾਲ ਅਤੇ ਭਗਵੰਤ ਮਾਨ ਦੇ ਝੂਠ ਨੂੰ ਚੰਗੀ ਤਰ੍ਹਾਂ ਸਮਝ ਚੁੱਕੇ ਹਨ ਅਤੇ ਹੁਣ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣਾਉਣ ਅਤੇ ਪੰਜਾਬ ਦੇ ਵਿਕਾਸ ਨੂੰ ਯਕੀਨੀ ਬਣਾਉਣ ਲਈ 2027 ਦੀਆਂ ਵਿਧਾਨ ਸਭਾ ਚੋਣਾਂ ਦੀ ਉਡੀਕ ਕਰ ਰਹੇ ਹਨ। ਇਸ ਮੌਕੇ ਭਾਜਪਾ ਦੇ ਸੀਨੀਅਰ ਆਗੂ ਸੁੰਦਰ ਲਾਲ,ਸੂਬਾ ਕਾਰਜਕਾਰਨੀ ਮੈਂਬਰ ਅਸ਼ੋਕ ਝਾਅ,ਮੋਗਾ ਦੇ ਸਾਬਕਾ ਵਿਧਾਇਕ ਹਰਜੋਤ ਕਮਲ,ਮੰਡਲ ਜਨਰਲ ਸਕੱਤਰ ਗੁਲਸ਼ਨ ਸੂਦ, ਪ੍ਰਿਤਪਾਲ ਸ਼ਰਮਾ ਗਿੱਦੜਬਾਹਾ,ਤਜਿੰਦਰ ਸਿੰਘ ਸਰਾ,ਕਮਲ ਅੱਤਰੀ,ਮੋਹਿਤ ਸ਼ਰਮਾ ਆਦਿ ਹਾਜ਼ਰ ਸਨ।

# ਬਾਰ ਐਸੋਸੀਏਸ਼ਨ ਜਲੰਧਰ ਨੇ ਐਡਵੋਕੇਟ ਰੋਹਿਤ ਸ਼ਰਮਾ ਨੂੰ ਸਨਮਾਨਿਤ ਕੀਤਾ

ਫਗਵਾੜਾ (ਸੁਸ਼ੀਲ ਸ਼ਰਮਾ) ਬਾਰ ਐਸੋਸੀਏਸ਼ਨ ਫਗਵਾੜਾ ਦੀ ਤਰਫੋਂ ਫਗਵਾੜਾ ਬਾਰ ਐਸੋਸੀਏਸ਼ਨ ਦੇ ਨਵ-ਨਿਯੁਕਤ ਮੀਤ ਪ੍ਰਧਾਨ ਐਡਵੋਕੇਟ ਰੋਹਿਤ ਸ਼ਰਮਾ ਦਾ ਸਨਮਾਨ ਕੀਤਾ ਗਿਆ। ਐਡਵੋਕੇਟ ਰੋਹਿਤ ਸ਼ਰਮਾ ਜਲੰਧਰ ਬਾਰ ਐਸੋਸੀਏਸ਼ਨ ਦੇ ਲਗਾਤਾਰ ਤੀਜੀ ਵਾਰ ਪ੍ਰਧਾਨ ਚੁਣੇ ਗਏ ਐਡਵੋਕੇਟ ਆਦਿੱਤਿਆ ਜੈਨ ਨੂੰ ਵਧਾਈ ਦੇਣ ਲਈ ਜਲੰਧਰ ਪੁੱਜੇ ਸਨ। ਆਪਣੇ ਸਨਮਾਨ ਬਾਰੇ ਐਡਵੋਕੇਟ ਰੋਹਿਤ ਸ਼ਰਮਾ ਨੇ ਜਲੰਧਰ ਬਾਰ ਦੇ ਵਕੀਲਾਂ ਦੇ ਸਮੂਹ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਮੇਰੀ ਖੁਸ਼ਕਿਸਮਤੀ ਹੈ ਕਿ ਜਲੰਧਰ ਬਾਰ ਵੱਲੋਂ ਮੈਨੂੰ ਇਹ ਸਨਮਾਨ ਮਿਲਿਆ ਹੈ। ਐਡਵੋਕੇਟ ਰੋਹਿਤ ਸ਼ਰਮਾ ਨੇ ਕਿਹਾ ਕਿ ਉਹ ਬਾਰ ਐਸੋਸੀਏਸ਼ਨ ਜਲੰਧਰ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਮੁੱਖ ਸਕੱਤਰ ਰਹਿ ਚੁੱਕੇ ਆਪਣੇ ਗੁਰੂ ਤੇਜਿੰਦਰ ਸਿੰਘ ਧਾਲੀਵਾਲ ਤੋਂ ਸੇਧ ਅਤੇ ਪ੍ਰੇਰਨਾ ਲੈ ਕੇ ਫਗਵਾੜਾ ਬਾਰ ਐਸੋਸੀਏਸ਼ਨ ਦੇ ਉਪ ਪ੍ਰਧਾਨ ਵਜੋਂ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾਉਣਗੇ ਅਤੇ ਫਗਵਾੜਾ ਬਾਰ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਹਰ ਸੰਭਵ ਯਤਨ ਕਰਨਗੇ ਅਤੇ ਫਗਵਾੜਾ ਦੀ ਅਦਾਲਤ ਵਿੱਚ ਐਡੀਸ਼ਨਲ ਜੱਜਾਂ ਦੀ ਗਿਣਤੀ ਵਿੱਚ ਵਾਧਾ ਕਰਨਗੇ ਨਾਲ ਹੀ ਕੋਰਟ ਕੰਪਲੈਕਸ ਦਾ ਵਿਕਾਸ। ਵਕੀਲਾਂ ਲਈ ਨਵੀਆਂ ਇਮਾਰਤਾਂ ਅਤੇ ਨਵੇਂ ਚੈਂਬਰਾਂ ਦੀ ਉਸਾਰੀ ਲਈ ਹਮੇਸ਼ਾ ਯਤਨਸ਼ੀਲ ਰਹੇਗਾ। ਇਸ ਮੌਕੇ ਐਡਵੋਕੇਟ ਨਰਿੰਦਰ ਗਰੁੱਪ, ਐਡਵੋਕੇਟ ਲਿੱਦੜ ਗਰੁੱਪ, ਐਡਵੋਕੇਟ ਟੀ.ਐਸ.ਧਾਲੀਵਾਲ ਗਰੁੱਪ, ਐਡਵੋਕੇਟ ਟੀ.ਕੇ. ਬੱਧਨ ਗਰੁੱਪ, ਐਡਵੋਕੇਟ ਰਾਹੁਲ ਰਾਮਪਾਲ, ਐਡਵੋਕੇਟ ਹਰਪ੍ਰੀਤ, ਐਡਵੋਕੇਟ ਰਾਣਾ ਗਰੁੱਪ (ਨੌਜਵਾਨ ਗਰੁੱਪ) ਤੋਂ ਇਲਾਵਾ ਸੰਜੀਵ ਅਧਿਕਾਰੀ, ਪੀ.ਪੀ. ਸਾਹਿਬ ਪ੍ਰਿਤਪਾਲ ਸਿੰਘ, ਐਡਵੋਕੇਟ ਵਿਸ਼ਾਲ ਵੜੈਚ, ਐਡਵੋਕੇਟ ਨਿਖਿਲ, ਐਡਵੋਕੇਟ ਰੋਹਿਤ ਗੰਭੀਰ ਆਦਿ ਹਾਜ਼ਰ ਸਨ।

# ਤਰੁਣ ਚੁੱਘ ਨੇ ਅੰਮ੍ਰਿਤਸਰ ਵਿੱਚ ਆਯੁਸ਼ਮਾਨ ਭਾਰਤ ਕਾਰਡ ਵੰਡੇ

ਫ਼ਗਵਾੜਾ-ਅੰਮ੍ਰਿਤਸਰ (ਸੁਸ਼ੀਲ ਸ਼ਰਮਾ) ਆਯੁਸ਼ਮਾਨ ਭਾਰਤ ਪ੍ਰਧਾਨ ਮੰਤਰੀ ਜਨ ਅਰੋਗਿਆ ਯੋਜਨਾ ਦੁਨੀਆ ਦੀ ਸਭ ਤੋਂ ਵੱਡੀ ਸਰਕਾਰੀ ਫੰਡ ਪ੍ਰਾਪਤ ਸਿਹਤ ਬੀਮਾ ਯੋਜਨਾ, ਭਾਰਤ ਵਿੱਚ ਸਿਹਤ ਸੰਭਾਲ ਨੂੰ ਬਦਲ ਰਹੀ ਹੈ। ਇਸੇ ਲੜੀ ਵਿੱਚ, ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਜਨਰਲ ਸਕੱਤਰ ਤਰੁਣ ਚੁੱਘ ਦੇ ਲਾਹੌਰੀ ਗੇਟ ਸਥਿਤ ਦਫ਼ਤਰ ਵਿਖੇ ਲਾਭਪਾਤਰੀਆਂ ਨੂੰ ਆਯੁਸ਼ਮਾਨ ਕਾਰਡ ਵੰਡੇ ਗਏ।



ਪਿਛਲੇ ਕਈ ਮਹੀਨਿਆਂ ਤੋਂ, ਚੁਗ ਦੇ ਦਫ਼ਤਰ ਵਿਖੇ ਹਰ ਐਤਵਾਰ ਅਤੇ ਮੰਗਲਵਾਰ ਨੂੰ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ, ਜਿੱਥੇ 70 ਸਾਲ ਤੋਂ ਵੱਧ ਉਮਰ ਦੇ ਬਜ਼ੁਰਗ ਨਾਗਰਿਕਾਂ ਨੂੰ ਯੋਜਨਾ ਦਾ ਲਾਭ ਲੈਣ ਲਈ ਮੁਫ਼ਤ ਸਹਾਇਤਾ ਦਿੱਤੀ ਜਾ ਰਹੀ ਹੈ। ਇਨ੍ਹਾਂ ਕੈਂਪਾਂ ਵਿੱਚ, ਯੋਗ ਨਾਗਰਿਕਾਂ ਦੀਆਂ ਅਰਜ਼ੀਆਂ ਮੁਫ਼ਤ ਭਰੀਆਂ ਜਾ ਰਹੀਆਂ ਹਨ,ਤਾਂ ਜੋ ਵੱਧ ਤੋਂ ਵੱਧ ਲੋਕ ਇਸ ਯੋਜਨਾ ਦਾ ਲਾਭ ਲੈ ਸਕਣ। ਅੱਜ, ਤਰੁਣ ਚੁੱਘ ਨੇ ਨਿੱਜੀ ਤੌਰ ਤੇ ਸ਼ਿਰਕਤ ਕੀਤੀ ਅਤੇ ਲਾਭਪਾਤਰੀਆਂ ਨੂੰ ਆਯੁਸ਼ਮਾਨ ਕਾਰਡ ਸੌਂਪੇ।

ਮੀਡੀਆ ਨੂੰ ਸੰਬੋਧਨ ਕਰਦਿਆਂ ਚੁਘ ਨੇ ਕਿਹਾ ਕਿ ਪ੍ਰਧਾਨ ਮੰਤਰੀ ਜਨ ਅਰੋਗਿਆ ਯੋਜਨਾ ਤਹਿਤ, ਹਰ ਸਾਲ ਪ੍ਰਤੀ ਪਰਿਵਾਰ 5 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮੁਹੱਈਆ ਕਰਵਾਇਆ ਜਾਂਦਾ ਹੈ, ਜਿਸਦਾ ਲਾਭ ਦੇਸ਼ ਭਰ ਦੇ ਸਰਕਾਰੀ ਅਤੇ ਨਿੱਜੀ ਹਸਪਤਾਲਾਂ ਵਿੱਚ ਨਕਦ ਰਹਿਤ ਇਲਾਜ ਦੇ ਰੂਪ ਵਿੱਚ ਲਿਆ ਜਾ ਸਕਦਾ ਹੈ। ਹੁਣ ਤੱਕ, ਦੇਸ਼ ਭਰ ਵਿੱਚ 55 ਕਰੋੜ ਤੋਂ ਵੱਧ ਆਯੁਸ਼ਮਾਨ ਕਾਰਡ ਜਾਰੀ ਕੀਤੇ ਜਾ ਚੁੱਕੇ ਹਨ, ਜਿਸ ਨਾਲ ਪੰਜਾਬ ਸਮੇਤ ਦੇਸ਼ ਭਰ ਵਿੱਚ ਕਰੋੜਾਂ ਪਰਿਵਾਰਾਂ, ਖਾਸ ਕਰਕੇ ਬਜ਼ੁਰਗ ਨਾਗਰਿਕਾਂ ਅਤੇ ਗਰੀਬ ਵਰਗ ਨੂੰ ਰਾਹਤ ਮਿਲੀ ਹੈ। ਇਸ ਯੋਜਨਾ ਨੇ ਹੁਣ ਤੱਕ 7 ਕਰੋੜ ਤੋਂ ਵੱਧ ਮਰੀਜ਼ਾਂ ਲਈ ਮੁਫ਼ਤ ਇਲਾਜ ਯਕੀਨੀ ਬਣਾਇਆ ਹੈ, ਜਿਸ ਨਾਲ ਇਹ ਦੁਨੀਆ ਦੀ ਸਭ ਤੋਂ ਵੱਡੀ ਸਿਹਤ ਸੰਭਾਲ ਪਹਿਲਕਦਮੀ ਬਣ ਗਈ ਹੈ।

ਚੁਘ ਨੇ ਕਿਹਾ ਕਿ ਇਹ ਯੋਜਨਾ ਹਸਪਤਾਲ ਵਿੱਚ ਭਰਤੀ ਹੋਣ ਤੋਂ ਤਿੰਨ ਦਿਨ ਪਹਿਲਾਂ ਅਤੇ ਛੁੱਟੀ ਤੋਂ ਬਾਅਦ 15 ਦਿਨਾਂ ਤੱਕ ਦੇ ਖਰਚਿਆਂ ਨੂੰ ਵੀ ਕਵਰ ਕਰਦੀ ਹੈ। ਚੁਗ ਨੇ ਸਾਰੇ ਕਾਮਿਆਂ ਅਤੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਆਲੇ ਦੁਆਲੇ ਦੇ ਬਜ਼ੁਰਗ ਨਾਗਰਿਕਾਂ ਨੂੰ ਇਸ ਯੋਜਨਾ ਦਾ ਲਾਭ ਪਹੁੰਚਾਉਣ ਵਿੱਚ ਸਹਿਯੋਗ ਕਰਨ।

ਇਸ ਮੌਕੇ ਸੂਬਾ ਕਾਰਜਕਾਰਨੀ ਮੈਂਬਰ ਮਾਨਵ ਤਨੇਜਾ, ਭਾਜਪਾ ਜ਼ਿਲ੍ਹਾ ਉਪ ਪ੍ਰਧਾਨ ਸਰਬਜੀਤ ਸਿੰਘ ਸ਼ਾਂਤੀ, ਚੰਦਰਸ਼ੇਖਰ ਸ਼ਰਮਾ, ਹੇਮੰਤ ਮਹਿਰਾ, ਤਰਵਿੰਦਰ ਬਿੱਲਾ, ਦਵਿੰਦਰ ਹੀਰਾ, ਰਾਜੇਸ਼ ਮਹਿਤਾ, ਲਵਿੰਦਰ ਬੰਟੀ, ਅਖਿਲ ਭਾਰਤੀ ਹਿੰਦੂ ਸੰਘਰਸ਼ ਕਮੇਟੀ ਦੇ ਪ੍ਰਧਾਨ ਸਚਿਨ ਮਹਿਰਾ, ਮੰਡਲ ਪ੍ਰਧਾਨ ਰੋਮੀ ਚੋਪੜਾ, ਸਾਬਕਾ ਮੰਡਲ ਪ੍ਰਧਾਨ ਸ਼ੰਕਰ ਲਾਲ ਜੀ, ਸਵੱਛ ਭਾਰਤ ਪੰਜਾਬ ਅਭਿਆਨ ਦੇ ਸਹਿ-ਸੰਯੋਜਕ ਤਰੁਣ ਅਰੋੜਾ, ਸ਼ਿਵ ਕੁਮਾਰ ਸ਼ਰਮਾ, ਸੁਰਿੰਦਰ ਮੋਹਨ ਬਾਵਾ, ਅਰੁਣ ਖੰਨਾ, ਮੰਡਲ ਜਨਰਲ ਸਕੱਤਰ ਅਸ਼ੋਕ ਮਨਚੰਦਾ, ਸੁਨੀਲ ਸਹਿਗਲ, ਪ੍ਰਮੋਦ ਗੁਪਤਾ, ਦਵਿੰਦਰ ਬੌਬੀ, ਸੁਰੇਸ਼ ਕਪੂਰ, ਵਿਸ਼ਾਲ ਸੂਰ, ਵਰਿੰਦਰ ਧੁੰਨਾ, ਸੁਰਿੰਦਰ, ਯਸ਼ਪਾਲ ਬਿੱਟੂ, ਸੀਮਾ, ਸੁਧਾ, ਕਾਰਤਿਕ ਮਹਾਜਨ, ਅੰਮ੍ਰਿਤ ਭੱਟੀ, ਲਵ, ਅਸੀਸ, ਵਿਸ਼ਾਲ, ਸ਼ਿਯਮ ਕੁਮਾਰ, ਅਮਰੀਸ਼ ਕਪੂਰੀਆ, ਚੰਦਰ ਪ੍ਰਭਾ, ਵਿਜੇ ਸਿੰਘਾਨੀਆ, ਵਿਪਨ ਜੇਟਲੀ, ਵਰਿਆਮ ਸਿੰਘ ਬਿੱਟੂ, ਸੰਦੀਪ ਬਹਿਲ, ਲਖਬੀਰ ਸਿੰਘ, ਰਾਜ ਕੁਮਾਰ, ਰਿਸ਼ੀ ਚੋਪੜਾ, ਗਰੀਬ ਦਾਸ, ਜਗਪਾਲ, ਸੁਭਾਸ਼ ਭਗਤ, ਰਾਕੇਸ਼ ਕੁਮਾਰ, ਵਿਜੇ ਕੁਮਾਰ, ਰਿਸ਼ੀ ਚੋਪੜਾ, ਚੰਦਰ ਮੋਹਨ ਚੀਨੀ ਪ੍ਰਮੁੱਖ ਤੌਰ ਤੇ ਮੌਜੂਦ ਸਨ।

# ਦਰਵੇਸ਼ ਪਿੰਡ ਵਿਖੇ 9 ਮਾਰਚ ਨੂੰ ਸ਼ਾਨੋ-ਸ਼ੌਕਤ ਨਾਲ ਕਰਵਾਇਆ ਜਾਵੇਗਾ ਚੌਥਾ ਕਬੱਡੀ ਕੱਪ - ਦਲਜੀਤ ਸਿੰਘ ਰਾਜ

ਫਗਵਾੜਾ( ਸੁਸ਼ੀਲ ਸ਼ਰਮਾ ) ਸ਼ਹੀਦ ਭਗਤ ਸਿੰਘ ਸਪੋਰਟਸ ਕਲੱਬ ਦਰਵੇਸ਼ ਪਿੰਡ ਤਹਿਸੀਲ ਫਗਵਾੜਾ ਵਲੋਂ ਚੌਥਾ ਕਬੱਡੀ ਕੱਪ ਐਤਵਾਰ 9 ਮਾਰਚ ਨੂੰ ਐਨ.ਆਰ.ਆਈ. ਵੀਰਾਂ, ਸਮੂਹ ਗ੍ਰਾਮ ਪੰਚਾਇਤ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ। ਵਧੇਰੇ ਜਾਣਕਾਰੀ ਦਿੰਦੇ ਹੋਏ ਦਲਜੀਤ ਸਿੰਘ ਰਾਜੂ



ਦਰਵੇਸ਼ ਪਿੰਡ ਨੇ ਦੱਸਿਆ ਕਿ ਕਬੱਡੀ ਕੱਪ ਵਿਚ ਓਪਨ 75 ਕਿੱਲੋ ਭਾਰ ਵਰਗ ਪਿੰਡ ਪੱਧਰ ਦੀਆਂ ਅੱਠ ਟੀਮਾਂ ਜਦਕਿ 62 ਕਿਲੋ ਅਤੇ 42 ਕਿਲੋ ਭਾਰ ਵਰਗ ਦੀਆਂ ਚਾਰ-ਚਾਰ ਟੀਮਾਂ ਹਿੱਸਾ ਲੈਣਗੀਆਂ। ਜੇਤੂ ਟੀਮਾਂ ਨੂੰ ਨਗਦ ਇਨਾਮ ਨਾਲ ਨਵਾਜਿਆ ਜਾਵੇਗਾ। ਉਹਨਾਂ ਦੱਸਿਆ ਕਿ ਸਮਾਗਮ ਦੌਰਾਨ ਬਤੌਰ ਮੁੱਖ ਮਹਿਮਾਨ ਹਲਕਾ ਮੈਂਬਰ ਪਾਰਲੀਮੈਂਟ ਡਾ. ਰਾਜਕੁਮਾਰ ਚੱਬੇਵਾਲ ਸ਼ਾਮਲ ਹੋਣਗੇ ਜਦਕਿ ਵਿਸ਼ੇਸ਼ ਮਹਿਮਾਨਾਂ ਵਜੋਂ ਆਮ ਆਦਮੀ ਪਾਰਟੀ ਵਿਧਾਨਸਭਾ ਹਲਕਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ, ਸਪੋਕਸਪਰਸਨ ਪੰਜਾਬ ਹਰਨੂਰ ਸਿੰਘ ਹਰਜੀ ਮਾਨ, ਐਸ.ਐਸ.ਪੀ. ਕਪੂਰਥਲਾ ਗੌਰਵ ਤੂਰਾ ਅਤੇ ਐਸ.ਪੀ. ਫਗਵਾੜਾ ਰੁਪਿੰਦਰ ਕੌਰ ਭੱਟੀ ਹਾਜਰੀ ਲਗਵਾਉਣਗੇ। ਕੁੜੀਆਂ ਦੀ ਕਬੱਡੀ ਦਾ ਸ਼ੋਅ ਮੈਚ ਵਿਸ਼ੇਸ਼ ਖਿੱਚ ਦਾ ਕੇਂਦਰ ਬਣੇਗਾ। ਉਹਨਾਂ ਸਮੂਹ ਖੇਡ ਪ੍ਰੇਮੀਆਂ ਨੂੰ ਇਸ ਕਬੱਡੀ ਕੱਪ ਵਿਚ ਹਾਜਰੀ ਲਗਵਾ ਕੇ ਟੀਮਾਂ ਦੀ ਹੌਸਲਾ ਅਫਜਾਈ ਕਰਨ ਦਾ ਖੁੱਲ੍ਹਾ ਸੱਦਾ ਵੀ ਦਿੱਤਾ ਹੈ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜ਼ਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਮਗਨਰੇਗਾ ਮੁਲਾਜਮਾਂ ਦੀ ਕਲਮ ਛੋੜ ਹੜਤਾਲ ਦੂਸਰੇ ਦਿਨ 'ਚ ਦਾਖਲ



ਫਗਵਾੜਾ ( ਸੁਸ਼ੀਲ ਸ਼ਰਮਾ ) ਮਗਨਰੇਗਾ ਕਰਮਚਾਰੀ ਯੂਨੀਅਨ ਪੰਜਾਬ ਦੇ ਸੱਦੇ 'ਤੇ ਮਗਨਰੇਗਾ ਮੁਲਾਜਮਾਂ ਵਲੋਂ ਬਲਾਕ ਫਗਵਾੜਾ ਵਿਖੇ ਬਲਾਕ ਪ੍ਰਧਾਨ ਮੇਜਰ ਸਿੰਘ ਦੀ ਅਗਵਾਈ ਹੇਠ ਬੁੱਧਵਾਰ ਨੂੰ ਸ਼ੁਰੂ ਕੀਤੀ ਕਲਮ ਛੋੜ ਹੜਤਾਲ ਅੱਜ ਦੂਸਰੇ ਦਿਨ ਵੀ ਜਾਰੀ ਰਹੀ। ਜਿਸ ਕਰਕੇ ਦਫਤਰੀ ਕੰਮ ਪੂਰੀ ਤਰ੍ਹਾਂ ਠੱਪ ਰਿਹਾ। ਇਸ ਮੌਕੇ ਸੰਬੋਧਨ ਕਰਦਿਆਂ ਪ੍ਰਧਾਨ ਮੇਜਰ ਸਿੰਘ ਅਤੇ ਏ.ਪੀ.ਓ. ਸੁਰਿੰਦਰ ਪਾਲ ਸਿੰਘ ਬਘਾਣਾ ਨੇ ਦੱਸਿਆ ਕਿ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵਿੱਚ ਕਰੀਬ ਪੰਦਰਾਂ ਸਾਲ ਤੋਂ ਨੌਕਰੀ ਕਰ ਰਹੀਆਂ ਕੱਚੀਆਂ ਅਸਾਮੀਆਂ ਨੂੰ ਰੈਗੂਲਰ ਕਰਵਾਉਣ ਲਈ ਉਹਨਾਂ ਦਾ ਸੰਘਰਸ਼ ਲਗਾਤਾਰ ਜਾਰੀ ਹੈ ਪਰ ਸਮੇਂ ਦੀਆਂ ਸਰਕਾਰਾਂ ਉਹਨਾਂ ਦੀਆਂ ਮੰਗਾਂ ਨੂੰ ਅੱਖੋ ਪਰੋਖੇ ਕਰ ਰਹੀਆਂ ਹਨ। ਜਿਸ ਤੋਂ ਦੁਖੀ ਹੋ ਕੇ ਹੁਣ ਤਿੰਨ ਦਿਨਾਂ ਦੀ ਕਲਮ ਛੋੜ ਹੜਤਾਲ ਸ਼ੁਰੂ ਕੀਤੀ ਗਈ ਹੈ। ਉਹਨਾਂ ਕਿਹਾ ਕਿ ਸਰਕਾਰਾਂ ਵੱਲੋਂ ਨਰੇਗਾ ਮੁਲਾਜ਼ਮਾਂ ਨੂੰ ਪੱਕੇ ਕਰਨ ਲਈ ਪਾਲਸੀਆਂ ਬਣਾਉਣ ਦਾ ਬਹਾਨਾ ਬਣਾ ਕੇ ਸਿਰਫ਼ ਸਮਾਂ ਟਪਾਇਆ ਗਿਆ ਹੈ। ਵਾਰ-ਵਾਰ ਕੈਬਨਿਟ ਸਬ ਕਮੇਟੀਆਂ ਬਣਾ ਕੇ ਪੰਜ ਸਾਲ ਨਰੇਗਾ ਮੁਲਾਜ਼ਮਾਂ ਨੂੰ ਲਾਰਿਆਂ ਵਿੱਚ ਹੀ ਉਲਝਾਇਆ ਜਾਂਦਾ ਰਿਹਾ ਹੈ। ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ ਵੀ ਪਿਛਲੀਆਂ ਸਰਕਾਰਾਂ ਦੀ ਤਰ੍ਹਾਂ ਹੀ ਨਰੇਗਾ ਮੁਲਾਜ਼ਮਾਂ ਨੂੰ ਆਪਣੇ ਸਿਆਸੀ ਹਿੱਤਾਂ ਲਈ ਦੱਬ ਕੇ ਇਸਤੇਮਾਲ ਕੀਤਾ ਗਿਆ। ਉਨ੍ਹਾਂ ਕਿਹਾ ਕਿ ਰੈਗੂਲਰ ਕਰਨਾ ਤਾਂ ਦੂਰ ਅਜੇ ਤੱਕ ਨਰੇਗਾ ਮੁਲਾਜ਼ਮਾਂ ਨੂੰ ਗੁਜ਼ਾਰੇ ਲਾਇਕ ਤਨਖਾਹ ਵੀ ਨਹੀਂ ਦਿੱਤੀ ਜਾ ਰਹੀ। ਨਾ ਹੀ ਕੋਈ ਮੈਡੀਕਲ ਸਹੂਲਤ ਮਿਲਦੀ ਹੈ, ਨਾ ਮੌਤ ਉਪਰੰਤ ਵਾਰਿਸਾਂ ਨੂੰ ਕੋਈ ਮੁਆਵਜ਼ਾ ਦਿੱਤਾ ਜਾਂਦਾ ਹੈ ਤੇ ਨਾ ਹੀ ਵਾਰਸ ਨੂੰ ਕੋਈ ਨੌਕਰੀ ਮਿਲਦੀ ਹੈ। ਗੰਭੀਰ ਤੋਂ ਗੰਭੀਰ ਬਿਮਾਰੀ ਦੌਰਾਨ ਜਾਂ ਐਕਸੀਡੈਂਟ ਦੌਰਾਨ ਵੀ ਕੋਈ ਇਲਾਜ ਲਈ ਸਹਾਇਤਾ ਨਹੀਂ ਦਿੱਤੀ ਜਾਂਦੀ। ਉਨ੍ਹਾਂ ਕਿਹਾ ਕਿ ਨਰੇਗਾ ਮੁਲਾਜ਼ਮਾਂ ਨੇ ਆਪਣੀ ਜ਼ਿੰਦਗੀ ਦਾ ਸਭ ਤੋਂ ਕੀਮਤੀ ਸਮਾਂ ਨਰੇਗਾ ਲੇਖੇ ਲਾ ਦਿੱਤਾ ਹੈ। ਉਹਨਾਂ ਦੱਸਿਆ ਕਿ ਹੁਣ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਫਿਰ ਤੋਂ ਨਵੀਂ ਪਾਲਿਸੀ ਬਣਾ ਕੇ, ਕੈਬਨਿਟ ਸਬ ਕਮੇਟੀਆਂ ਬਣਾ-ਬਣਾ ਕੇ ਤਿੰਨ ਸਾਲ ਦਾ ਸਮਾਂ ਲੰਘਾ ਦਿੱਤਾ ਗਿਆ। ਜਿਸ ਕਰਕੇ ਮੁਲਾਜਮਾਂ ਵਿਚ ਭਾਰੀ ਰੋਸ ਹੈ। ਬੀਤੀ 26 ਫਰਵਰੀ ਨੂੰ ਪੰਜਾਬ ਵਿੱਚ ਸਾਰੇ ਵਿਧਾਇਕਾਂ, ਮੰਤਰੀਆਂ, ਚੇਅਰਮੈਨਾਂ ਨੂੰ ਮੰਗ ਪੱਤਰ ਦਿੱਤੇ ਗਏ ਸੀ। ਬੁਲਾਰਿਆਂ ਨੇ ਕਿਹਾ ਕਿ ਜੇਕਰ ਹੁਣ ਵੀ ਸਰਕਾਰ ਵੱਲੋਂ ਕੋਈ ਸੁਣਵਾਈ ਨਾ ਕੀਤੀ ਗਈ ਤਾਂ 9 ਮਾਰਚ ਨੂੰ ਪੰਜਾਬ ਪੱਧਰ ਦੀ ਮੀਟਿੰਗ ਬੁਲਾ ਕੇ ਅਗਲੀ ਰਣਨੀਤੀ ਤਿਆਰ ਕੀਤੀ ਜਾਵੇਗੀ। ਇਸ ਮੌਕੇ ਜਸਕਰਨ ਵਰਮਾ ਟੀ.ਏ., ਮਨਜੀਤ ਕੌਰ ਸੀ.ਏ., ਸੋਨੀਆ ਅਤੇ ਰਮਨ ਕੁਮਾਰੀ ਆਦਿ ਹਾਜਰ ਸਨ।

# ਕਿਸਾਨ ਆਗੂਆਂ ਦੇ ਘਰਾਂ ਤੇ ਛਾਪੇਮਾਰੀ ਤੇ ਗਿਰ.ਫਤਾਰੀਆਂ ਕਰਕੇ ਸਰਕਾਰ ਦਾ ਚੇਹਰਾ ਨੰਗਾ ਹੋਇਆ -ਕਾਮਰੇਡ ਰਮੇਸ਼ ਰਾਣਾ

ਗੁਰਦਾਸਪੁਰ -ਨਵਨੀਤ ਕੁਮਾਰ- ਭਗਵੰਤ ਮਾਨ ਸਰਕਾਰ ਦੇ ਇਸ਼ਾਰੇ ਤੇ ਪੰਜਾਬ ਪੁਲਿਸ ਵੱਲੋਂ ਕਿਸਾਨੀ ਮਸਲਿਆਂ ਨੂੰ ਹੱਲ ਕਰਨ ਦੀ ਥਾਂ ਕਿਸਾਨ ਆਗੂਆਂ ਦੇ ਘਰਾਂ ਤੇ ਛਾਪੇਮਾਰੀ ਕਰਕੇ ਦਹਿਸ਼ਤ ਪਾਉਣਾ ਤੇ ਗ੍ਰਿਫਤਾਰ ਕਰਕੇ ਲੋਕਾਂ ਨੂੰ ਸ਼ਾਂਤਮਈ ਸੰਘਰਸ਼ ਕਰਨ ਦੇ ਜਮਹੂਰੀ ਹੱਕ ਤੋਂ ਵਾਂਝੇ ਕਰਨ ਨੂੰ ਸ਼ਰੇਆਮ ਧਕੇਸ਼ਾਹੀ ਦਸਦਿਆਂ ਜਨਤਕ ਜਥੇਬੰਦੀਆਂ ਦੇ ਆਗੂਆਂ ਵੱਲੋਂ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਕਾਮਰੇਡ ਅਮਰੀਕ ਸਿੰਘ ਯਾਦਗਾਰੀ ਹਾਲ ਗੁਰਦਾਸਪੁਰ ਵਿਖੇ ਇਫਟੂ ਦੇ ਸੂਬਾਈ ਆਗੂ ਕਾਮਰੇਡ ਰਮੇਸ਼ ਰਾਣਾ ਦੀ ਅਗਵਾਈ ਹੇਠ ਮੀਟਿੰਗ ਹੋਈ ਜਿਸ ਵਿਚ ਪੰਜਾਬ ਸਟੂਡੈਂਟਸ ਯੂਨੀਅਨ, ਮੁਲਾਜ਼ਮ ਫਰੰਟ, ਉਸਾਰੀ ਮਿਸਤਰੀ ਮਜ਼ਦੂਰ ਯੂਨੀਅਨ ਦੇ ਆਗੂ ਅਮਰ ਕ੍ਰਾਂਤੀ, ਸੁਖਦੇਵ ਸਿੰਘ ਬਹਿਰਾਮਪੁਰ, ਕਾਮਰੇਡ ਜੋਗਿੰਦਰ ਪਾਲ ਪਨਿਆੜ, ਜੋਗਿੰਦਰ ਪਾਲ ਘੁਰਾਲਾ ਅਮਰਜੀਤ ਸ਼ਾਸਤਰੀ ਹਾਜ਼ਰ ਹੋਏ। ਪ੍ਰੈਸ ਬਿਆਨ ਜਾਰੀ ਕਰਕੇ ਦੱਸਿਆ ਕਿ ਲੰਮੇ ਸਮੇਂ ਤੋਂ ਸਰਕਾਰ ਦਾ ਔਰਤਾਂ, ਪੈਨਸ਼ਨਰਾਂ , ਕਿਸਾਨਾਂ, ਵਿਦਿਆਰਥੀਆਂ ਮਜਦੂਰਾਂ ,ਛੋਟੇ ਦੁਕਾਨਦਾਰਾਂ ਤੇ ਬੇਰੁਜ਼ਗਾਰ ਨੌਜਵਾਨਾਂ ਪ੍ਰਤੀ ਅਣ ਮਨੁੱਖੀ ਰਵਾਈਏ ਦੀ ਜਿੰਨੀ ਵੀ ਨਿੰਦਾ ਕੀਤੀ ਜਾਵੇ ਘੱਟ ਹੈ। ਆਗੂਆ ਹੋਰ ਕਿਹਾ ਕਿ ਦੇਸ਼ ਦੇ ਪੈਦਾਵਾਰੀ ਸਾਧਨਾਂ ਤੇ ਜ਼ਮੀਨ ਨੂੰ ਕਾਰਪੋਰੇਟ ਕੰਪਨੀਆਂ ਦੇ ਹਵਾਲੇ ਕਰਨ ਲਈ ਰਾਜ ਕਰਦੀ ਧਿਰ ਵਲੋਂ ਅਪਣਾਈਆਂ ਗਈਆਂ ਨੀਤੀਆਂ ਕਾਰਨ ਲੋਕਾਂ ਦਾ ਜੀਣਾ ਮੁਸ਼ਕਿਲ ਹੋ ਗਿਆ ਹੈ। ਕਿਸਾਨਾਂ ਵਲੋਂ ਸਰਕਾਰ ਦੀਆਂ ਇਹਨਾਂ ਨੀਤੀਆਂ ਖਿਲਾਫ ਸੰਘਰਸ਼ ਕਰਨ ਕਰਕੇ ਸਰਕਾਰ ਨੂੰ ਇਹ ਨੀਤੀਆਂ ਲਾਗੂ ਕਰਨ ਵਿਚ ਦਿੱਕਤ ਪੇਸ਼ ਆ ਰਹੀ ਹੈ ਜਿਸ ਕਾਰਨ ਕੇਂਦਰੀ ਸਰਕਾਰ ਅਤੇ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਇਸ ਸੰਘਰਸ਼ ਉਪਰ ਜਬਰ ਕਰਕੇ ਇਹਨਾਂ ਨੀਤੀਆਂ ਨੂੰ ਲਾਗੂ ਕਰਨ ਲਈ ਇੱਕਮਿਕ ਹਨ ਜੋ ਲੋਕਤੰਤਰ ਦੇ ਬੁਨਿਆਦੀ ਤੱਤ ਨੂੰ ਹੀ ਖ਼ਤਮ ਕਰਨ ਦਾ ਰਾਹ ਹੈ । ਜਾਣਕਾਰੀ ਅਨੁਸਾਰ ਜਿਲ੍ਹਾ ਗੁਰਦਾਸਪੁਰ ਦੇ ਵੱਖ-ਵੱਖ ਬਲਾਕਾਂ ਦੇ ਕਈ ਪਿੰਡਾਂ ਚ ਛਾਪੇਮਾਰੀ ਕੀਤੀ ਗਈ ਹੈ।ਜਿਸ ਦੌਰਾਨ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਕਾਮਰੇਡ ਸਤਬੀਰ ਸਿੰਘ ਸੁਲਤਾਨੀ ਸਮੇਤ ਬਹੁਤ ਸਾਰੇ ਆਗੂਆਂ ਨੂੰ ਗ੍ਰਿਫਤਾਰ ਕਰ ਕੇ ਉਨ੍ਹਾਂ ਨੂੰ ਜੇਲ ਵਿੱਚ ਭੇਜਿਆ ਗਿਆ ਹੈ ਆਗੂਆ ਮੰਗ ਕੀਤੀ ਕਿ ਸਾਰੇ ਗ੍ਰਿਫਤਾਰ ਆਗੂ ਰਿਹਾ ਕੀਤੇ ਜਾਣ ਤੇ ਸੰਯੁਕਤ ਕਿਸਾਨ ਮੋਰਚੇ ਨਾਲ ਗੱਲਬਾਤ ਦਾ ਬੰਦ ਕੀਤਾ ਰਾਹ ਮੁੜ ਤੋਂ ਖੋਲ੍ਹਿਆ ਜਾਵੇ ।

# ਸੰਤ ਸ਼ਿਰੋਮਣੀ ਗੋਸਵਾਮੀ ਸ੍ਰੀ ਗੁਰੂ ਨਾਭਾ ਦਾਸ ਵੈਲਫੇਅਰ ਮਹਾਸੰਮਤੀ ਪੰਜਾਬ ਦੀ ਹੋਈ ਮੀਟਿੰਗ।




ਲੁਧਿਆਣਾ: ( ਸੁਖਚੈਨ ਮਹਿਰਾ,ਨਰੇਸ਼ ਹੰਸ ) ਬਹਿਰਾਮਪੁਰ ਅੱਜ ਸੰਤ ਸ਼ਿਰੋਮਣੀ ਗੋਸਵਾਮੀ ਸ੍ਰੀ ਗੁਰੂ ਨਾਭਾ ਦਾਸ ਵੈਲਫੇਅਰ ਮਹਾਸੰਮਤੀ ਪੰਜਾਬ ਦੀ ਇੱਕ ਹੰਗਾਮੀ ਮੀਟਿੰਗ ਪੰਜਾਬ ਪ੍ਰਧਾਨ ਸ੍ਰੀ ਵਿਜੇ ਕੁਮਾਰ ਚਾਂਡਲ ਦੀ ਪ੍ਰਧਾਨਗੀ ਹੇਠ ਹੋਈ।ਜਿਸ ਵਿੱਚ ਪੂਰੀ ਕੋਰ ਕਮੇਟੀ ਨੇ ਵਧ ਚੜ੍ਹ ਕੇ ਹਿੱਸਾ ਲਿਆ।ਇਸ ਮੀਟਿੰਗ ਵਿੱਚ ਗੋਸਵਾਮੀ ਸ੍ਰੀ ਗੁਰੂ ਨਾਭਾ ਦਾਸ ਇੰਟਰਨੈਸ਼ਨਲ ਮੰਦਰ ਅਵਾਂਖਾ ਵਿਖੇ ਚਲ ਰਹੇ ਨਿਰਮਾਣ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।ਇਸ ਮੌਕੇ ਕਈ ਨਵੇਂ ਮੈਂਬਰ ਮਹਾਂ ਸੰਮਤੀ ਵਿੱਚ ਸ਼ਾਮਲ ਹੋਏ ,ਜਿਸ ਵਿੱਚ ਲੈਕਚਰਾਰ ਰਣਜੀਤ ਸਿੰਘ, ਲੈਕਚਰਾਰ ਪ੍ਰੀਤਮ ਸਿੰਘ,ਸ੍ਰੀ ਕ੍ਰਿਸ਼ਨ ਕੁਮਾਰ ਤੇ ਰਾਜ ਕੁਮਾਰ ਜੀ ਦਾ ਮਹਾਸੰਮਤੀ ਪੰਜਾਬ ਵਿੱਚ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਪੰਜਾਬ ਪ੍ਰਧਾਨ ਸ੍ਰੀ ਵਿਜੇ ਕੁਮਾਰ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੋਸਵਾਮੀ ਸ੍ਰੀ ਗੁਰੂ ਨਾਭਾ ਦਾਸ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸ਼ੋਭਾ ਯਾਤਰਾ 7 ਅਪ੍ਰੈਲ 2025 ਨੂੰ ਮਹਾਸੰਮਤੀ ਪੰਜਾਬ ਦੇ ਝੰਡੇ ਹੇਠ ਇੰਟਰਨੈਸ਼ਨਲ ਮੰਦਰ ਅਵਾਂਖਾ ਤੋਂ ਸ਼ੁਰੂ ਕੀਤੀ ਜਾਵੇਗੀ ਅਤੇ ਦੀਨਾਨਗਰ ਦੀ ਪਰਕਰਮਾ ਕਰਦੀ ਹੋਈ ਮੰਦਰ ਵਿਖੇ ਸਮਾਪਤ ਹੋਵੇਗੀ ਜਿਸ ਦੀ ਅਗਵਾਈ ਹਲਕਾ ਵਿਧਾਇਕਾ ਸ੍ਰੀਮਤੀ ਅਰੁਣਾ ਚੌਧਰੀ ਅਤੇ ਸੀਨੀਅਰ ਕਾਂਗਰਸੀ ਨੇਤਾ ਬਾਊ ਅਸ਼ੋਕ ਚੌਧਰੀ ਜੀ ਕਰਨਗੇ।ਜਿਸ ਸੰਬੰਧੀ ਸਾਰੀਆਂ ਤਿਆਰੀਆਂ ਕਰ ਲਈਆ ਗਈਆਂ ਹਨ।ਇਸ ਮੌਕੇ ਉਹਨਾਂ ਕਿਹਾ ਕਿ ਗੋਸਵਾਮੀ ਸ੍ਰੀ ਗੁਰੂ ਨਾਭਾ ਦਾਸ ਵੈਲਫੇਅਰ ਮਹਾਸੰਮਤੀ ਪੰਜਾਬ ਦੀ ਕੋਰ ਕਮੇਟੀ ਨੇ ਸਰਵਸੰਮਤੀ ਨਾਲ ਜ਼ਿਲ੍ਹਾ ਪ੍ਰਧਾਨ ਸੁਭਾਸ਼ ਕੈਰੇ ਦੀ ਸਹਿਮਤੀ ਤੇ ਅੱਜ ਤੋਂ ਹੀ ਬਲਾਕ ਪੱਧਰੀ ਅਤੇ ਸ਼ਹਿਰੀ ਪੱਧਰੀ ਕਮੇਟੀਆਂ ਸਮੇਤ ਅਹੁਦੇਦਾਰਾਂ ਵਲੋਂ ਕੀਤੀਆਂ ਗਈਆਂ ਬੇਨਿਯਮੀਆਂ ਕਰਕੇ ਭੰਗ ਕਰ ਦਿੱਤੀਆਂ ਹਨ । ਉਹਨਾਂ ਕਿਹਾ ਕਿ ਗੋਸਵਾਮੀ ਸ੍ਰੀ ਗੁਰੂ ਨਾਭਾ ਦਾਸ ਇੰਟਰਨੈਸ਼ਨਲ ਮੰਦਰ ਅਵਾਂਖਾ ਵਿਖੇ ਚਲ ਰਹੀ ਉਸਾਰੀ ਲਈ ਅਤੇ ਸ਼ੋਭਾ ਯਾਤਰਾ 2025 ਲਈ ਕੋਈ ਵੀ ਇਹਨਾਂ ਨੂੰ ਦਾਨ ਜਾਂ ਹੋਰ ਕਿਸੇ ਪ੍ਰਕਾਰ ਦੀ ਆਰਥਿਕ ਸਹਾਇਤਾ ਨਾ ਦੇਵੇ। ਕਿਉਂਕਿ ਇਹ ਅਣ ਅਧਿਕਾਰਤ ਬੰਦੇ ਜਾਣ ਬੁੱਝ ਕੇ ਬਿਰਾਦਰੀ ਮੰਦਰ ਤੇ ਹੋਰ ਸੰਸਥਾਵਾਂ ਨੂੰ ਕਬਜ਼ਾ ਦਿਲਾ ਕੇ ਗੁਰੂ ਨਾਭਾ ਦਾਸ ਇੰਟਰਨੈਸ਼ਨਲ ਮੰਦਰ ਅਵਾਂਖਾ ਨੂੰ ਬਿਰਧ ਆਸ਼ਰਮ ਵਿੱਚ ਤਬਦੀਲ ਕਰਨਾ ਚਾਹੁੰਦੇ ਨੇ ।ਇਸ ਲਈ ਜਿਹੜਾ ਵੀ ਵਿਅਕਤੀ ਇਹਨਾਂ ਨੂੰ ਦਾਨ ਦੇਵੇਗਾ ਉਸ ਲਈ ਮਹਾਸੰਮਤੀ ਪੰਜਾਬ ਜ਼ਿੰਮੇਵਾਰ ਨਹੀਂ ਹੋਵੇਗੀ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸੁਭਾਸ਼ ਕੈਰੇ ਨੇ ਕਿਹਾ ਕਿ ਬਲਾਕ ਦੀਨਾਨਗਰ ਅਤੇ ਸਿਟੀ ਦੀਨਾਨਗਰ ਦੀਆਂ ਕਮੇਟੀਆਂ ਦੀ ਚੋਣ ਜਲਦੀ ਹੀ ਕੀਤੀ ਜਾਵੇਗੀ।ਇਸ ਮੌਕੇ ਵਾਇਸ ਪ੍ਰਧਾਨ ਬਲਕਾਰ ਚੰਦ ਅਵਾਂਖਾ ਨੇ ਕਿਹਾ ਕਿ ਇਸ ਵਾਰ ਸ਼ੋਭਾ ਯਾਤਰਾ ਵਿੱਚ ਦੇ ਕਿਸੇ ਸ਼ਰਾਰਤੀ ਅਨਸਰ ਨੇ ਵਿਗਨ ਪਾਉਣ ਦੀ ਕੋਸ਼ਿਸ਼ ਕੀਤੀ ਤਾਂ ਉਸ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ਅਤੇ ਉਸ ਅਨਸਰ ਨੂੰ ਬਖਸ਼ਿਆ ਨਹੀਂ ਜਾਵੇਗਾ ਇਸ ਲਈ ਉਹਨਾਂ ਨੇ ਸੰਗਤਾਂ ਨੂੰ ਸੱਤ ਅਪ੍ਰੈਲ 2025 ਨੂੰ ਕੱਢੀ ਜਾਣ ਵਾਲੀ ਸ਼ੋਭਾ ਯਾਤਰਾ ਵਿੱਚ ਵਧ ਚੜ੍ਹ ਕੇ ਹਿੱਸਾ ਲੈਣ ਦੀ ਬੇਨਤੀ ਕੀਤੀ

ਇਸ ਮੌਕੇ ਹੋਰਨਾਂ ਤੋਂ ਇਲਾਵਾ ਮੀਤ ਪ੍ਰਧਾਨ ਬਲਕਾਰ ਚੰਦ ਅਵਾਂਖਾ, ਜ਼ਿਲ੍ਹਾ ਪ੍ਰਧਾਨ ਸੁਭਾਸ਼ ਕੈਰੇ, ਚੇਅਰਮੈਨ ਲੈਕ ਅਸ਼ਵਨੀ ਕੋਂਟਾ, ਖਜਾਨਚੀ ਇੰਜਨੀਅਰ ਮੁਕੇਸ਼ ਕੋਂਟਾ, ਸਕੱਤਰ ਤਰਸੇਮ ਕੁਮਾਰ ਕੋਠੇ ਮਜੀਠੀ, ਚੇਅਰਮੈਨ ਤਰਸੇਮ ਬਟਾਲਾ, ਚੇਅਰਮੈਨ ਰਾਕੇਸ਼ ਕੁਮਾਰ ਕਾਲਾ ਅਵਾਂਖਾ, ਸਰਪ੍ਰਸਤ ਤਿਲਕ ਰਾਜ ਪਾਹੜਾ, ਮੀਡੀਆ ਪ੍ਰਭਾਰੀ ਰਵੀ ਕੁਮਾਰ ਮੰਗਲਾ, ਸਰਪ੍ਰਸਤ ਰਮੇਸ਼ ਭਜੂਰਾ ਸੰਸੋਈ, ਰਿਸ਼ੀ ਚਾਂਡਲ ਆਡੀਟਰ,ਧਰਮ ਪਾਲ ਕੇਸ਼ੋ ਪੁਰ , ਮੁਕੇਸ਼ ਗਾਂਧੀਆਂ, ਰਾਜੇਸ਼ ਕੁਮਾਰ ਪਸਿਆਲ,ਪ੍ਰੇਮ ਕੁਮਾਰ ਚੋਂਤਾ ਹਾਜ਼ਰ ਸਨ।

# ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਦੇ ਜ਼ਿਲ੍ਹਾ ਪੱਧਰੀ ਸਭਿਆਚਾਰਕ ਮੁਕਾਬਲੇ ਕਰਵਾਏ ਗਏ



ਗੁਰਦਾਸਪੁਰ -ਨਵਨੀਤ ਕੁਮਾਰ - ਸਮਗਰ ਸਿੱਖਿਆ ਅਭਿਆਨ, ਪੰਜਾਬ ਵੱਲੋਂ ਸਥਾਨਕ ਰਾਮ ਸਿੰਘ ਦੱਤ ਹਾਲ ਵਿਖੇ ਜ਼ਿਲ੍ਹਾ ਪੱਧਰੀ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਦੇ ਸਭਿਆਚਾਰਕ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸ਼੍ਰੀਮਤੀ ਪਰਮਜੀਤ ਕੌਰ ਅਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਡਾ. ਅਨਿਲ ਸ਼ਰਮਾ ਵਿਸ਼ੇਸ਼ ਤੌਰ ਤੇ ਸ਼ਾਮਲ ਹੋ ਕੇ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਦੀ ਹੌਸਲਾ ਅਫ਼ਜਾਈ ਕੀਤੀ। ਇਸ ਦੌਰਾਨ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਵੱਲੋਂ ਸ਼ਬਦ ਗਾਇਨ, ਲੋਕ ਗੀਤ , ਸੋਲੋ ਡਾਂਸ, ਗਰੁੱਪ ਡਾਂਸ , ਪੇਂਟਿੰਗ ਮੁਕਾਬਲੇ, ਆਦਿ ਮੁਕਾਬਲਿਆਂ ਵਿੱਚ ਹਿੱਸਾ ਲੈ ਕੇ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਸੰਬੋਧਨ ਡੀ.ਈ.ਓ. ਪਰਮਜੀਤ ਕੌਰ ਨੇ ਕਿਹਾ ਕਿ ਬੱਚਿਆਂ ਵੱਲੋਂ ਪੇਸ਼ ਕੀਤਾ ਪ੍ਰੋਗਰਾਮ ਪ੍ਰਭਾਵਸ਼ਾਲੀ ਸੀ ਅਤੇ ਤਿਆਰੀ ਕਰਵਾਉਣ ਵਾਲੇ ਅਧਿਆਪਕ ਵਧਾਈ ਦੇ ਪਾਤਰ ਸਨ। ਇਸ ਦੌਰਾਨ ਡਿਪਟੀ ਡੀਈਓ ਡਾ. ਅਨਿਲ ਸ਼ਰਮਾ ਨੇ ਸਮਗਰ ਸਿੱਖਿਆ ਅਭਿਆਨ, ਪੰਜਾਬ ਵੱਲੋਂ ਕੀਤੇ ਜਾ ਰਹੇ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਦੇ ਇਸ ਜ਼ਿਲ੍ਹਾ ਪੱਧਰੀ ਸਭਿਆਚਾਰਕ ਪ੍ਰੋਗਰਾਮ ਦੀ ਦੀ ਪ੍ਰਸ਼ੰਸਾ ਕੀਤੀ। ਇਸ ਮੌਕੇ ਡੀ.ਐੱਸ.ਸੀ. ਸਤਪਾਲ ਮਸੀਹ, ਡੀ.ਈ.ਓ. ਦਫ਼ਤਰ ਮਲਕਿੰਦਰ ਸਿੰਘ, ਜਸਬੀਰ ਸਿੰਘ, ਸੈਂਟਰ ਮੁੱਖ ਅਧਿਆਪਕ ਸਤਪਾਲ, ਰਣਜੀਤ ਸਿੰਘ ਛੀਨਾ, ਮਨਜਿੰਦਰ ਸਿੰਘ, ਕਮਲ ਸ਼ਮਸ਼ੇਰ ਸਿੰਘ, ਗਗਨਦੀਪ ਸਿੰਘ, ਆਈ.ਆਰ.ਟੀ. ਸਤਨਾਮ ਸਿੰਘ, ਰਜਨੀ ਸ਼ਰਮਾ, ਅੰਜਮਪਾਲ, ਮਨਜਿੰਦਰ ਕੌਰ, ਆਈ.ਈ.ਏ.ਟੀ. ਪਵਨਪ੍ਰੀਤ ਕੌਰ, ਨੀਨਾ ਸ਼ਰਮਾ, ਰਣਜੀਤ ਕੌਰ, ਗੁਰਵਿੰਦਰ ਕੌਰ, ਮੰਨੂ ਸ਼ਰਮਾ, ਮੋਨਿਕਾ, ਮਨੋਜ , ਰਾਣੀ, ਪਰਮਜੀਤ ਕੌਰ, ਵਰੁਣ ਸ਼ਰਮਾ ਆਦਿ ਹਾਜ਼ਰ ਸਨ।

# ਖੰਨਾ ਪੁਲਿਸ ਨੇ ਮੀਟ ਮਾਰਕੀਟ ਵਿੱਚ ਨਸ਼ਾ ਤਸਕਰਾਂ ਦੀਆਂ ਛੇ ਜਾਇਦਾਦਾਂ ਢਾਹ ਦਿੱਤੀਆਂ

ਖੰਨਾ (ਲੁਧਿਆਣਾ), *(ਸੁਖਚੈਨ ਮਹਿਰਾ, )
ਨਸ਼ੀਲੇ ਪਦਾਰਥਾਂ ਦੇ ਤਸਕਰਾਂ ਦੀ ਮਲਕੀਅਤ ਵਾਲੀਆਂ ਗੈਰ-ਕਾਨੂੰਨੀ ਜਾਇਦਾਦਾਂ ਤੇ ਆਪਣੀ ਕਾਰਵਾਈ ਜਾਰੀ ਰੱਖਦੇ ਹੋਏ, ਖੰਨਾ ਪੁਲਿਸ ਨੇ ਨਗਰ ਕੌਂਸਲ ਅਧਿਕਾਰੀਆਂ ਦੇ ਸਹਿਯੋਗ ਨਾਲ ਵੀਰਵਾਰ ਸਵੇਰੇ ਸਥਾਨਕ ਮੀਟ ਮਾਰਕੀਟ ਵਿੱਚ ਛੇ ਢਾਂਚੇ ਢਾਹ ਦਿੱਤੇ।

ਇਹ ਜਾਇਦਾਦਾਂ ਨਗਰ ਕੌਂਸਲ ਦੀ ਜ਼ਮੀਨ ਤੇ ਗੈਰ-ਕਾਨੂੰਨੀ ਕਬਜ਼ਾ ਕਰਕੇ ਬਣਾਈਆਂ ਗਈਆਂ ਸਨ ਅਤੇ ਕਥਿਤ ਤੌਰ ਤੇ ਨਸ਼ਿਆਂ ਦੇ ਪੈਸੇ ਨਾਲ ਵਿੱਤ ਪ੍ਰਾਪਤ ਕੀਤੀਆਂ ਗਈਆਂ ਸਨ। ਇਨ੍ਹਾਂ ਢਾਂਚੇ ਤੇ ਛੇ ਤਸਕਰਾਂ ਦਾ ਕਬਜ਼ਾ ਸੀ ਜੋ ਨਾਰਕੋਟਿਕ ਡਰੱਗਜ਼ ਐਂਡ ਸਾਈਕੋਟ੍ਰੋਪਿਕ ਸਬਸਟੈਂਸ (ਐਨਡੀਪੀਐਸ) ਐਕਟ ਦੇ ਤਹਿਤ ਕਈ ਮਾਮਲਿਆਂ ਦਾ ਸਾਹਮਣਾ ਕਰ ਰਹੇ ਹਨ। ਢਾਹੁਣ ਦਾ ਕੰਮ ਸੁਚਾਰੂ ਢੰਗ ਨਾਲ ਕੀਤਾ ਗਿਆ, ਵਿਵਸਥਾ ਬਣਾਈ ਰੱਖਣ ਅਤੇ ਕਿਸੇ ਵੀ ਗੜਬੜ ਨੂੰ ਰੋਕਣ ਲਈ ਲੋੜੀਂਦੇ ਪੁਲਿਸ ਕਰਮਚਾਰੀ ਤਾਇਨਾਤ ਸਨ।

ਸੀਨੀਅਰ ਪੁਲਿਸ ਸੁਪਰਡੈਂਟ (ਐਸਐਸਪੀ) ਜੋਤੀ ਯਾਦਵ ਨੇ ਇਸ ਕਾਰਵਾਈ ਦੀ ਅਗਵਾਈ ਕੀਤੀ ਅਤੇ ਖੁਲਾਸਾ ਕੀਤਾ ਕਿ ਨਗਰ ਕੌਂਸਲ ਵੱਲੋਂ ਛੇ ਨਸ਼ਾ ਤਸਕਰਾਂ ਦੁਆਰਾ ਕੀਤੇ ਗਏ ਨਾਜਾਇਜ਼ ਕਬਜ਼ਿਆਂ ਦੀ ਰਿਪੋਰਟ ਆਉਣ ਤੋਂ ਬਾਅਦ ਇਹ ਢਾਹੁਣਾ ਕੀਤਾ ਗਿਆ। ਉਨ੍ਹਾਂ ਨੇ ਦੋ ਭਰਾਵਾਂ, ਅਸਲਮ ਅਤੇ ਸੁਨੀਲ, ਜੋ ਕਿ ਇਲਾਕੇ ਦੇ ਵੱਡੇ ਨਸ਼ਾ ਤਸਕਰਾਂ ਵਜੋਂ ਜਾਣੇ ਜਾਂਦੇ ਹਨ ਅਤੇ ਪਹਿਲਾਂ ਹੀ ਪੰਜ ਨਸ਼ਾ ਤਸਕਰਾਂ ਦਾ ਸਾਹਮਣਾ ਕਰ ਰਹੇ ਹਨ, ਦਾ ਜ਼ਿਕਰ ਕੀਤਾ। ਸੁਨੀਲ ਬਾਬਾ ਇਸ ਸਮੇਂ ਨਿਆਂਇਕ ਹਿਰਾਸਤ ਵਿੱਚ ਹੈ, ਜਦੋਂ ਕਿ ਅਸਲਮ ਫਰਾਰ ਹੈ। ਸ਼ਿੰਡੀ, ਮਹਿੰਦਰੋ, ਪੱਪੂ ਅਤੇ ਗੁਲਸ਼ਨ ਸਮੇਤ ਹੋਰ ਬਦਨਾਮ ਤਸਕਰਾਂ ਤੇ ਵੀ ਨਸ਼ਾ ਤਸਕਰੀ ਅਤੇ ਗੈਰ-ਕਾਨੂੰਨੀ ਸ਼ਰਾਬ ਦੇ ਵਪਾਰ ਨਾਲ ਸਬੰਧਤ ਮਾਮਲੇ ਚੱਲ ਰਹੇ ਸਨ। ਉਨ੍ਹਾਂ ਦੀਆਂ ਗੈਰ-ਕਾਨੂੰਨੀ ਜਾਇਦਾਦਾਂ ਨੂੰ ਢਾਹ ਦਿੱਤਾ ਗਿਆ ਹੈ ਅਤੇ ਪੁਲਿਸ ਟੀਮਾਂ ਜਲਦੀ ਹੀ ਫਰਾਰ ਤਸਕਰਾਂ ਨੂੰ ਫੜਨ ਲਈ ਦਿਨ-ਰਾਤ ਕੰਮ ਕਰ ਰਹੀਆਂ ਹਨ।



ਐਸਐਸਪੀ ਨੇ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਨਸ਼ਿਆਂ ਦੇ ਵਪਾਰ ਵਿੱਚ ਸ਼ਾਮਲ ਲੋਕਾਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੀ ਵਚਨਬੱਧਤਾ ਤੇ ਜ਼ੋਰ ਦਿੱਤਾ। ਉਨ੍ਹਾਂ ਜਨਤਾ ਨੂੰ ਭਰੋਸਾ ਦਿੱਤਾ ਕਿ ਜਦੋਂ ਤੱਕ ਨਸ਼ਿਆਂ ਦਾ ਖ਼ਤਰਾ ਪੂਰੀ ਤਰ੍ਹਾਂ ਖਤਮ ਨਹੀਂ ਹੋ ਜਾਂਦਾ, ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ, ਤਸਕਰਾਂ ਲਈ ਸਖ਼ਤ ਸਜ਼ਾਵਾਂ ਦੇਣ ਦਾ ਵਾਅਦਾ ਕੀਤਾ। ਉਨ੍ਹਾਂ ਨਸ਼ਿਆਂ ਵਿਰੁੱਧ ਇਸ ਲੜਾਈ ਵਿੱਚ ਜਨਤਕ ਸਹਿਯੋਗ ਦੀ ਵੀ ਅਪੀਲ ਕੀਤੀ।

ਇਲਾਕਾ ਨਿਵਾਸੀਆਂ ਨੇ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕਰਨ ਲਈ ਧੰਨਵਾਦ ਕੀਤਾ।

ਇਸ ਤੋਂ ਇਲਾਵਾ, ਖੰਨਾ ਪੁਲਿਸ ਨੇ ਬੁੱਧਵਾਰ ਨੂੰ ਪਾਇਲ ਸਬ-ਡਵੀਜ਼ਨ ਵਿੱਚ ਨਸ਼ਾ ਤਸਕਰਾਂ ਦੀਆਂ ਤਿੰਨ ਜਾਇਦਾਦਾਂ ਨੂੰ ਜ਼ਬਤ ਕਰ ਲਿਆ ਸੀ, ਐਸਐਸਪੀ ਨੇ ਅੱਗੇ ਕਿਹਾ।

# ਟਰੈਫ਼ਿਕ ਐਜੂਕੇਸ਼ਨ ਸੈੱਲ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ ਵਿੱਚ ਆਵਾਜਾਈ ਨਿਯਮਾਂ ਦੀ ਜਾਣਕਾਰੀ ਦੇਣ ਲਈ ਕੈਂਪ ਲਗਾਇਆ



ਗੁਰਦਾਸਪੁਰ-ਨਵਨੀਤ ਕੁਮਾਰ - ਪੁਲਿਸ ਜ਼ਿਲ੍ਹਾ ਗੁਰਦਾਸਪੁਰ ਦੇ ਟਰੈਫ਼ਿਕ ਐਜੂਕੇਸ਼ਨ ਸੈੱਲ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ, ਗੁਰਦਾਸਪੁਰ ਵਿੱਚ ਆਵਾਜਾਈ ਨਿਯਮਾਂ ਦੀ ਜਾਣਕਾਰੀ ਦੇਣ ਲਈ ਇੱਕ ਵਿਸ਼ੇਸ਼ ਸੈਮੀਨਾਰ ਲਗਾਇਆ ਗਿਆ। ਸੈਮੀਨਾਰ ਦੌਰਾਨ ਏ.ਐੱਸ.ਆਈ. ਅਮਨਦੀਪ ਸਿੰਘ ਨੇ ਸਕੂਲ ਦੇ ਸਟਾਫ਼ ਤੇ ਵਿਦਿਆਰਥਣਾਂ ਨੂੰ ਟ੍ਰੈਫ੍ਰਿਕ ਨਿਯਮਾਂ ਬਾਰੇ ਜਾਣਕਾਰੀ ਦਿੱਤੀ ਅਤੇ ਨਾਲ ਹੀ ਨਾਬਾਲਗ ਬੱਚਿਆਂ ਦੇ ਡਰਾਈਵਿੰਗ ਕਰਨ ਤੇ ਹੋਣ ਵਾਲੀ ਕਨੂੰਨੀ ਕਾਰਵਾਈ ਬਾਰੇ ਦੱਸਿਆ। ਉਨ੍ਹਾਂ ਨੇ 16 ਤੋਂ 18 ਸਾਲ ਦੇ ਬੱਚਿਆਂ ਦੇ ਬਣਨ ਵਾਲੇ ਡਰਾਈਵਿੰਗ ਲਾਇਸੰਸ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ ਅਤੇ ਦੋ ਪਹੀਆ ਵਾਹਨ ਚਲਾਉਣ ਸਮੇਂ ਹੈਲਮਟ ਪਾਉਣ ਅਤੇ ਕਾਰ ਵਿੱਚ ਸੀਟ ਬੈਲਟ ਲਗਾਉਣ ਲਈ ਪ੍ਰੇਰਤ ਕੀਤਾ। ਉਨ੍ਹਾਂ ਨੇ ਵਿਦਿਆਰਥਣਾਂ ਨੂੰ ਐਕਸੀਡੈਂਟ ਪੀੜਤ ਦੀ ਮਦਦ ਲਈ ਪ੍ਰੇਰਿਤ ਕੀਤਾ ਅਤੇ ਸਾਈਬਰ ਕ੍ਰਾਈਮ ਅਤੇ ਹੈਲਪ ਲਾਈਨ ਨੰਬਰਾਂ 112, 1033, 1930 ਬਾਰੇ ਜਾਣਕਾਰੀ ਦਿੱਤੀ। ਸੈਮੀਨਾਰ ਦੌਰਾਨ ਸਕੂਲ ਪ੍ਰਿੰਸੀਪਲ ਸ੍ਰੀਮਤੀ ਅਰਚਨਾ ਜੋਸ਼ੀ ਨੇ ਟਰੈਫ਼ਿਕ ਐਜੂਕੇਸ਼ਨ ਸੈੱਲ ਦੇ ਕਰਮੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਅਧਿਆਪਕਾ ਜਗਜੀਤ ਕੌਰ, ਪਰਮਜੀਤ ਕੌਰ, ਗੁਰਿੰਦਰ ਜੀਤ ਸਿੰਘ, ਕੈਪਟਨ ਜਗਤਾਰ ਸਿੰਘ ਸਮੇਤ ਸਕੂਲ ਦਾ ਸਟਾਫ਼ ਵੀ ਹਾਜ਼ਰ ਸੀ।

# ਕਾਨਪੁਰ ਚ 10 ਲੱਖ ਰੁਪਏ ਲਈ ਦੋਸਤਾਂ ਨੇ ਕੀਤਾ ਨੌਜਵਾਨ ਦਾ ਕਤਲ, ਲਾਸ਼ ਬਰਾਮਦ, ਗ੍ਰਿਫਤਾਰ

ਕਾਨਪੁਰ:( ਸੁਨੀਲ ਬਾਜਪਾਈ) ਤਿੰਨ ਦੋਸਤਾਂ ਨੇ ਆਪਣੀ ਪ੍ਰੇਮਿਕਾ ਦੀਆਂ ਲੋੜਾਂ ਪੂਰੀਆਂ ਕਰਨ ਲਈ 10 ਲੱਖ ਰੁਪਏ ਦੀ ਫਿਰੌਤੀ ਦੀ ਮੰਗ ਪੂਰੀ ਨਾ ਕਰਨ ਤੇ ਆਪਣੇ ਨਾਬਾਲਗ ਦੋਸਤ ਦਾ ਕਤਲ ਕਰ ਦਿੱਤਾ। ਖੂਹ ਚੋਂ ਉਸ ਦੀ ਲਾਸ਼ ਬਰਾਮਦ ਕਰਨ ਦੇ ਨਾਲ-ਨਾਲ ਪੁਲਸ ਨੇ ਉਸ ਦੇ ਤਿੰਨ ਦੋਸਤਾਂ ਨੂੰ ਵੀ ਗ੍ਰਿਫਤਾਰ ਕਰ ਲਿਆ ਹੈ। ਇਹ ਘਟਨਾ ਬਿਲਹੌਰ ਥਾਣਾ ਖੇਤਰ ਦੀ ਹੈ।

ਜੇਕਰ ਪੁਲਿਸ ਸੂਤਰਾਂ ਦੇ ਦਾਅਵਿਆਂ ਦੀ ਮੰਨੀਏ ਤਾਂ ਕਤਲ ਨੂੰ ਅੰਜਾਮ ਦੇਣ ਵਾਲੇ ਤਿੰਨਾਂ ਦੋਸਤਾਂ ਨੇ ਆਪਣੀ ਗਰਲਫਰੈਂਡ ਦੀਆਂ ਲੋੜਾਂ ਪੂਰੀਆਂ ਕਰਨ ਲਈ ਹੀ ਇਸ ਵਾਰਦਾਤ ਨੂੰ ਅੰਜਾਮ ਦਿੱਤਾ ਅਤੇ 10 ਲੱਖ ਰੁਪਏ ਦੀ ਫਿਰੌਤੀ ਨਹੀਂ ਲਈ।

ਪਰਿਵਾਰਕ ਮੈਂਬਰਾਂ ਨੇ ਪੁਲਸ ਨੂੰ ਦੱਸਿਆ ਕਿ ਘਟਨਾ ਦੇ ਸਮੇਂ ਖੁਰਸ਼ੀਦ ਅਨਵਰ ਜਿੰਮ ਜਾਣ ਲਈ ਨਿਕਲਿਆ ਸੀ। ਇਸ ਦੌਰਾਨ ਉਸ ਦੇ ਤਿੰਨ ਦੋਸਤਾਂ ਨੇ ਉਸ ਨੂੰ ਅਗਵਾ ਕਰ ਲਿਆ। ਅਤੇ ਫਿਰ 10 ਲੱਖ ਰੁਪਏ ਦੀ ਫਿਰੌਤੀ ਦੀ ਮੰਗ ਕਰਨ ਲੱਗੇ ਪਰ ਮੰਗ ਪੂਰੀ ਨਾ ਹੋਣ ਤੇ ਉਨ੍ਹਾਂ ਨੇ ਪਿੰਡ ਤੋਂ ਇਕ ਕਿਲੋਮੀਟਰ ਦੂਰ ਉਸ ਦਾ ਕਤਲ ਕਰ ਦਿੱਤਾ ਅਤੇ ਲਾਸ਼ ਨੂੰ ਖੂਹ ਚ ਸੁੱਟ ਦਿੱਤਾ। ਉਸ ਦਾ ਪੱਥਰ ਨਾਲ ਕੁਚਲ ਕੇ ਕਤਲ ਕਰ ਦਿੱਤਾ ਗਿਆ।

ਇਸ ਤੋਂ ਪਹਿਲਾਂ ਪਰਿਵਾਰਕ ਮੈਂਬਰਾਂ ਵੱਲੋਂ ਦਿੱਤੀ ਗਈ ਸੂਚਨਾ ਦੇ ਆਧਾਰ ਤੇ ਪੁਲਸ ਲਗਾਤਾਰ ਭਾਲ ਚ ਜੁਟੀ ਹੋਈ ਸੀ। ਇਸ ਦੌਰਾਨ, ਸੀਸੀਟੀਵੀ ਫੁਟੇਜ ਦੀ ਮਦਦ ਨਾਲ, ਪੁਲਿਸ ਨੇ ਤਿੰਨ ਦੋਸ਼ੀਆਂ ਹੁਸੈਨੀ, ਅਨਫ ਅਤੇ ਅਵਸ਼ਾਦ ਨੂੰ ਹਿਰਾਸਤ ਵਿਚ ਲੈ ਲਿਆ ਹੈ। ਇਕ ਦੋਸ਼ੀ ਅੱਜੂ ਅਜੇ ਫਰਾਰ ਹੈ। ਮ੍ਰਿਤਕ ਦਾ ਮੋਬਾਈਲ ਫੋਨ ਹੁਸੈਨੀ ਤੋਂ ਬਰਾਮਦ ਹੋਇਆ ਹੈ।



ਪਰਿਵਾਰਕ ਮੈਂਬਰਾਂ ਨੇ ਪੁਲਸ ਨੂੰ ਦੱਸਿਆ ਕਿ ਮ੍ਰਿਤਕ 11 ਭੈਣ-ਭਰਾਵਾਂ ਚੋਂ ਸਭ ਤੋਂ ਛੋਟਾ ਸੀ। ਉਸਦੇ ਪਿਤਾ ਨਜ਼ੀਰ ਅਹਿਮਦ ਪ੍ਰਾਪਰਟੀ ਡੀਲਿੰਗ ਅਤੇ ਹਾਊਸ ਪੇਂਟਿੰਗ ਦਾ ਕੰਮ ਕਰਦੇ ਹਨ। ਏਸੀਪੀ ਅਮਰਨਾਥ ਯਾਦਵ ਨੇ ਦੱਸਿਆ ਕਿ ਲਖਨਊ-ਆਗਰਾ ਐਕਸਪ੍ਰੈਸਵੇਅ ਦੇ ਪਾਸੇ ਸਥਿਤ ਖੂਹ ਤੋਂ ਬਰਾਮਦ ਖੁਰਸ਼ੀਦ ਦੀ ਲਾਸ਼ ਨੂੰ ਪੋਸਟਮਾਰਟਮ ਲਈ ਭੇਜੇ ਜਾਣ ਤੋਂ ਬਾਅਦ ਪੁਲਿਸ ਘਟਨਾ ਦੀ ਜਾਂਚ ਕਰ ਰਹੀ ਹੈ।

# ਹੁਣ ਸਰਪੰਚ, ਪਟਵਾਰੀ, ਨੰਬਰਦਾਰ ਅਤੇ ਕੌਂਸਲਰ ਵੀ ਦਸਤਾਵੇਜ਼ਾਂ ਦੀ ਕਰ ਸਕਦੇ ਹਨ ਆਨਲਾਈਨ ਵੈਰੀਫਿਕੇਸ਼ਨ

ਗੁਰਦਾਸਪੁਰ-ਨਵਨੀਤ ਕੁਮਾਰ - ਪੰਜਾਬ ਸਰਕਾਰ ਵੱਲੋਂ ਨਾਗਰਿਕਾਂ ਨੂੰ ਦਿੱਤੀਆਂ ਜਾਣ ਵਾਲੀਆਂ ਵੱਖ-ਵੱਖ ਸੇਵਾਵਾਂ ਵਿੱਚ ਸਰਪੰਚਾਂ, ਪਟਵਾਰੀਆਂ, ਨੰਬਰਦਾਰਾਂ ਅਤੇ ਕੌਂਸਲਰਾਂ ਦੀ ਕੀਤੀ ਜਾਂਦੀ ਵੈਰੀਫਿਕੇਸ਼ਨ ਦਾ ਕੰਮ ਵੀ ਹੁਣ ਆਨਲਾਈਨ ਕਰ ਦਿੱਤਾ ਗਿਆ ਹੈ। ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਹਰਜਿੰਦਰ ਸਿੰਘ ਬੇਦੀ ਨੇ ਇਹ ਜਾਣਕਾਰੀ ਦਿੰਦੇ ਦੱਸਿਆ ਕਿ ਪਹਿਲਾਂ ਇਹ ਵੈਰੀਫਿਕੇਸ਼ਨ ਕੇਵਲ ਦਸਤੀ ਕਰਵਾਈ ਜਾਂਦੀ ਸੀ, ਜਿਸ ਕਾਰਨ ਵੱਧ ਸਮਾਂ ਲੱਗਦਾ ਸੀ, ਪਰ ਹੁਣ ਇਹ ਕੰਮ ਆਨਲਾਈਨ ਕਰ ਦਿੱਤਾ ਗਿਆ ਹੈ ਅਤੇ ਉਕਤ ਪਤਵੰਤੇ ਆਪਣੇ ਮੋਬਾਈਲ ਫ਼ੋਨ ਤੋਂ ਇਹ ਵੈਰੀਫਿਕੇਸ਼ਨ ਸਕਿੰਟਾਂ ਵਿੱਚ ਕਰ ਸਕਦੇ ਹਨ, ਜਿਸ ਨਾਲ ਕਿਸੇ ਵੀ ਸੇਵਾ ਨੂੰ ਪੂਰਾ ਕਰਨ ਵਿੱਚ ਸਮਾਂ ਬਹੁਤ ਘੱਟ ਜਾਵੇਗਾ। ਡਾ. ਹਰਜਿੰਦਰ ਸਿੰਘ ਬੇਦੀ ਨੇ ਦੱਸਿਆ ਕਿ ਗੁਰਦਾਸਪੁਰ ਜ਼ਿਲ੍ਹੇ ਵਿੱਚ ਇਸ ਵੈਰੀਫਿਕੇਸ਼ਨ ਸਬੰਧੀ ਸਰਪੰਚਾਂ ਨੂੰ ਵਿਸ਼ੇਸ਼ ਸਿਖਲਾਈ ਦਿੱਤੀ ਜਾ ਰਹੀ ਹੈ। ਉਨ੍ਹਾਂ ਨੂੰ ਦੱਸਿਆ ਕਿ ਸਾਡੇ ਵੱਲੋਂ ਤਿਆਰ ਕੀਤੀ ਗਈ ਟੈਕਨੀਕਲ ਟੀਮ ਜ਼ਿਲ੍ਹੇ ਦੇ ਹਰ ਬਲਾਕ ਵਿੱਚ ਪਹੁੰਚ ਕੇ ਸਰਪੰਚਾਂ ਨੂੰ ਇਸ ਵੈਰੀਫਿਕੇਸ਼ਨ ਤੋਂ ਇਲਾਵਾ ਹੋਰ ਡਿਜੀਟਲ ਸੇਵਾਵਾਂ ਦੀ ਜਾਣਕਾਰੀ ਦੇ ਰਹੀ ਹੈ, ਤਾਂ ਜੋ ਉਹ ਇਹਨਾਂ ਸੇਵਾਵਾਂ ਦਾ ਲਾਭ ਆਪਣੇ ਪਿੰਡ ਅਤੇ ਪਿੰਡ ਵਾਸੀਆਂ ਲਈ ਲੈ ਸਕਣ। ਉਨ੍ਹਾਂ ਦੱਸਿਆ ਕਿ ਇਸ ਨਾਲ ਹੁਣ ਦਸਤਾਵੇਜ਼ ਦੀ ਆਨਲਾਈਨ ਟਰੈਕਿੰਗ ਵੀ ਹੋ ਸਕੇਗੀ ਕਿ ਉਕਤ ਫਾਈਲ ਇਸ ਵੇਲੇ ਕਿਸ ਕਰਮਚਾਰੀ ਕੋਲ ਪੈਂਡਿੰਗ ਪਈ ਹੈ, ਜਿਸ ਨਾਲ ਕੰਮ ਵਿੱਚ ਪਾਰਦਰਸ਼ਤਾ ਵੀ ਆਵੇਗੀ। ਇਸ ਤੋਂ ਇਲਾਵਾ ਕਿਸੇ ਵੀ ਨਾਗਰਿਕ ਨੂੰ ਇਸ ਵੈਰੀਫਿਕੇਸ਼ਨ ਲਈ ਆਪਣੇ ਇਲਾਕੇ ਦੇ ਸਰਪੰਚ ਜਾਂ ਨੰਬਰਦਾਰ ਦੇ ਘਰ ਜਾਣ ਦੀ ਲੋੜ ਨਹੀਂ ਪਵੇਗੀ, ਬਲਕਿ ਉਸ ਨਾਲ ਟੈਲੀਫ਼ੋਨ ਉੱਤੇ ਰਾਬਤਾ ਕਰਕੇ ਇਹ ਵੈਰੀਫਿਕੇਸ਼ਨ ਪੂਰੀ ਕਰਵਾਈ ਜਾ ਸਕੇਗੀ।

# ਬੋਲੇਪਨ ਤੋਂ ਬਚਾਓ ਲਈ ਕੰਨਾਂ ਦੀ ਦੇਖਭਾਲ ਜਰੂਰੀ -ਡਾ.ਕਿਰਨਦੀਪ ਕੌਰ

ਅੰਮ੍ਰਿਤਸਰ, (ਲੋਕ ਬਾਣੀ)
ਸਿਹਤ ਵਿਭਾਗ ਅੰਮ੍ਰਿਤਸਰ ਵੱਲੋਂ ਰਾਸ਼ਟਰੀ ਸੁਨਨ ਸ਼ਕਤੀ ਦਿਵਸ ਨੂੰ ਸਮਰਪਿਤ ਇੱਕ ਜਾਗਰੂਕਤਾ ਵਰਕਸ਼ਾਪ ਦਾ ਆਯੋਜਨ ਸਿਵਲ ਹਸਪਤਾਲ ਅੰਮ੍ਰਿਤਸਰ ਵਿਖੇ ਕੀਤਾ ਗਿਆ। ਇਸ ਮੌਕੇ ਸਿਵਲ ਸਰਜਨ ਡਾ. ਕਿਰਨਦੀਪ ਕੌਰ ਨੇ ਦੱਸਿਆ ਕਿ ਬੋਲੇਪਨ ਤੋਂ ਬਚਾ ਲਈ ਕੰਨਾਂ ਦੀ ਦੇਖਭਾਲ ਬਹੁਤ ਜਰੂਰੀ ਹੈ। ਕੰਨ ਮਨੁੱਖੀ ਸਰੀਰ ਦਾ ਬਹੁਤ ਹੀ ਮਹੱਤਵਪੂਰਨ ਅੰਗ ਹਨ, ਇਹਨਾਂ ਦੀਆਂ ਬੀਮਾਰੀਆਂ ਪ੍ਰਤੀ ਜੇਕਰ ਅਣਗਹਿਲੀ ਕੀਤੀ ਜਾਵੇ ਤਾਂ ਮਨੁੱਖ ਬੋਲੇਪਨ ਦਾ ਸ਼ਿਕਾਰ ਹੋ ਸਕਦਾ ਹੈ। ਇਸ ਲਈ ਕੰਨਾਂ ਦੀ ਦੇਖਭਾਲ ਪ੍ਰਤੀ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ। ਉਹਨਾਂ ਕਿਹਾ ਕਿ ਗੂੰਗੇ ਅਤੇ ਬੋਲੇਪਨ ਦੀ ਸਮੱਸਿਆ ਕਾਰਨ ਮਰੀਜ਼ ਆਮ ਲੋਕਾਂ ਅਤੇ ਸਮਾਜ ਤੋਂ ਕੱਟਿਆ ਜਾਂਦਾ ਹੈ। ਜਿਸ ਕਾਰਨ ਉਹਨਾਂ ਨੂੰ ਭਾਰੀ ਮਾਨਸਿਕ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਉਹਨਾਂ ਕਿਹਾ ਤੇਜ ਆਵਾਜ਼, ਦੂਸ਼ਿਤ ਵਾਤਾਵਰਨ, ਗੰਦੇ ਪਾਣੀ, ਕੰਨ ਵਿੱਚ ਨੁਕੀਲੀ ਚੀਜ਼ ਮਾਰਨ ਆਦਿ ਕਾਰਣ ਬਹੁਤ ਸਾਰੇ ਕੰਨਾਂ ਦੇ ਰੋਗ ਹੋ ਸਕਦੇ ਹਨ। ਇਸ ਤੋਂ ਇਲਾਵਾ ਤੇਜ ਆਵਾਜ਼, ਸ਼ੋਰ, ਪ੍ਰੈਸ਼ਰ ਹਾਰਨ ਹੈਡਫੋਨਾਂ ਦੀ ਜਿਆਦਾ ਵਰਤੋਂ ਅਤੇ ਤੇਜ਼ ਮਿਊਜਿਕ ਕੰਨਾਂ ਤੇ ਮਾੜੇ ਪ੍ਰਭਾਵ ਪਾਉਂਦੇ ਹਨ। ਇਸ ਲਈ ਕਿਸੇ ਵੀ ਕੰਨਾਂ ਦੀ ਸਮੱਸਿਆ ਹੋਣ ਦੀ ਸੂਰਤ ਵਿੱਚ ਤੁਰੰਤ ਡਾਕਟਰੀ ਸਹਾਇਤਾ ਲੈਣੀ ਚਾਹੀਦੀ ਹੈ। ਇਸ ਮੌਕੇ ਤੇ ਜ਼ਿਲ੍ਹਾ ਪਰਿਵਾਰ ਭਲਾਈ ਅਫਸਰ ਡਾ ਨੀਲਮ ਭਗਤ, ਜਿਲਾ ਟੀਕਾਕਰਨ ਅਫਸਰ ਡਾ ਭਾਰਤੀ ਧਵਨ, ਅਮਰਦੀਪ ਸਿੰਘ, ਡਾ ਪ੍ਰੀਤ ਵਿੰਨ ਕੌਰ, ਡਾ ਸਰਤਾਜ ਸਿੰਘ, ਡਾ ਜਸਕਰਨ ਜੋਤ ਕੌਰ ਅਤੇ ਸਮੂਹ ਸਟਾਫ ਹਾਜ਼ਰ ਸਨ।




# ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ ਦੇ ਨਾਲ ਵਿਕਸਿਤ ਭਾਰਤ ਯੂਥ ਪਾਰਲੀਮੈਂਟ 2025 ਦਾ ਆਯੋਜਨ ।



ਦੀਨਾਨਗਰ (ਡਾ.ਰਮੇਸ਼ ਸਰੰਗਲ ) ਸ਼ਾਂਤੀ ਦੇਵੀ ਆਰਿਆ ਮਹਿਲਾ ਕਾਲਜ, ਦੀਨਾਨਗਰ ਮਾਣ ਦੇ ਨਾਲ ਵਿਕਸਿਤ ਭਾਰਤ ਯੂਥ ਪਾਰਲੀਮੈਂਟ 2025 ਦਾ ਆਯੋਜਨ ਪ੍ਰਿੰਸੀਪਲ ਡਾ. ਸਰਲਾ ਨਿਰੰਕਾਰੀ ਜੀ ਅਤੇ ਨਹਿਰੂ ਯੁਵਾ ਕੇਂਦਰ ਦੀ ਡਾਇਰੈਕਟਰ ਸ਼੍ਰੀ ਮਤੀ ਸੰਦੀਪ ਦੇ ਦਿਸ਼ਾ ਨਿਰਦੇਸ਼ਾ ਵਿਚ ਕੀਤਾ ਜਾ ਰਿਹਾ ਹੈ। ਇਸ ਦੇ ਲਈ ਰਜਿਸਟ੍ਰੇਸ਼ਨ ਕਰਵਾਉਣ ਅਤੇ ਵੀਡੀਓ ਅਪਲੋਡ ਕਰਨ ਦੀ ਆਖਰੀ ਮਿਤੀ 9 ਮਾਰਚ ਹੈ ਅਤੇ ਜੋ 12-13 ਮਾਰਚ ਨੂੰ ਗੁਰਦਾਸਪੁਰ, ਪਠਾਨਕੋਟ ਅਤੇ ਅੰਮ੍ਰਿਤਸਰ ਜਿਲ੍ਹਿਆਂ ਵਿੱਚ ਜ਼ਿਲ੍ਹਾ ਪੱਧਰ ਤੇ ਸ਼ਾਂਤੀ ਦੇਵੀ ਆਰਿਆ ਮਹਿਲਾ ਕਾਲਜ ਵਿਚ ਆਯੋਜਿਤ ਕੀਤਾ ਜਾਵੇਗਾ। ਇਸ ਦੌਰਾਨ 150 ਪ੍ਰਤਿਭਾਗੀਆਂ ਨੂੰ ਅਗਲੇ ਰਾਊਂਡ ਲਈ ਧਿਆਨਪੂਰਵਕ ਸ਼ੋਰਟ ਲਿਸਟ ਕੀਤਾ ਜਾਵੇਗਾ, ਤਾਂ ਕਿ ਹਰੇਕ ਜ਼ਿਲੇ ਵਿਚੋਂ ਨਿਸ਼ਪਖ ਅਤੇ ਸਮਾਨ ਪ੍ਰਤੀਨਿਧੀ ਚੁੱਣਿਆ ਜਾ ਸਕੇ, ਜਿਸ ਵਿੱਚ ਵਿਦਿਆਰਥਣਾਂ ਨੂੰ ਜੂਰੀ ਮੈਂਬਰ ਦੇ ਸਾਹਮਣੇ ਅਪਣਾ ਵਿਅਕਤਤਿਵ ਪੇਸ ਕਰਨਾ ਹੋਵੇਗਾ ਅਤੇ ਵਿਕਸਿਤ ਭਾਰਤ ਯੂਥ ਪਾਰਲੀਮੈਂਟ 20 25, ਵਿਕਸਿਤ ਭਾਰਤ 02047 ਦੇ ਦ੍ਰਿਸ਼ਟੀਕੋਣ ਦੇ ਨਾਲ ਪੂਰੀ ਤਰ੍ਹਾਂ ਨਾਲ ਮੇਲ ਖਾਂਦਾ ਹੈ ਜੋ ਭਾਰਤ ਨੂੰ ਅਪਣੀ ਸੁਤੰਤਰਤਾ ਦੀ ਸ਼ਤਾਬਦੀ ਤੱਕ ਇਕ ਵਿਕਸਿਤ ਦੇਸ਼ ਬਨਣ ਲਈ ਸਹਾਇਕ ਅਤੇ ਮਹੱਤਵਪੂਰਨ ਮਾਰਗਦਰਸ਼ਨ ਹੈ। ਜਿਲਾ ਨੋਡਲ ਸੰਸਥਾ ਦੇ ਰੂਪ ਵਿਚ ਸ਼ਾਂਤੀ ਦੇਵੀ ਆਰਿਆ ਮਹਿਲਾ ਕਾਲਜ਼, ਇਹਨਾਂ ਜਿਲਾ ਪੱਧਰੀ ਰਾਊਂਡ ਦਾ ਆਯੋਜਨ ਕਰੇਗੀ। ਜਿਸ ਨਾਲ ਤਿੰਨ ਜਿਲਿਆਂ ਦੇ ਵਿਦਿਆਰਥੀਆਂ ਅਤੇ ਨੋਜਵਾਨਾਂ ਨੂੰ ਇੱਕ ਸਹਿਯੋਗੀ ਅਤੇ ਪ੍ਰੇਰਣਾ ਯੁਕਤ ਅਨੁਭਵ ਮਿਲੇਗਾ।

# ਮਜੀਠੀਏ ਵੱਲੋਂ ਕਿਸਾਨਾਂ ਦੇ ਹੱਕ 'ਚ ਮਾਰਿਆ ਹਾਅ ਦਾ ਨਾਅਰਾ ਸ਼ਲਾਘਾਯੋਗ- ਬਿੰਦਰ ਠੱਕਰਵਾਲ ਕਿਹਾ,ਕਿਸਾਨਾਂ ਦਾ ਡਟਕੇ ਸਾਥ ਦਿੱਤਾ ਜਾਵੇਗਾ

ਫ਼ਗਵਾੜਾ-ਜੋਧਾਂ (ਸੁਸ਼ੀਲ ਸ਼ਰਮਾ) ਮਾਰਕੀਟ ਕਮੇਟੀ ਲੁਧਿਆਣਾ ਮੰਡੀ ਬੋਰਡ ਦੇ ਸਾਬਕਾ ਚੇਅਰਮੈਨ ਤੇ ਉੱਘੇ ਅਕਾਲੀ ਆਗੂ ਹਰਮਿੰਦਰ ਸਿੰਘ ਬਿੰਦਰ ਠੱਕਰਵਾਲ ਨੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸਿਰਮੌਰ ਆਗੂ ਬਿਕਰਮ ਸਿੰਘ ਮਜੀਠੀਆ ਵੱਲੋਂ ਆਪਣੀਆਂ ਹੱਕਾਂ ਤੇ ਹਿੱਤਾਂ ਲਈ ਲੰਮੇ ਸਮੇਂ ਤੋਂ ਸੰਘਰਸ਼ ਕਰ ਰਹੇ ਕਿਸਾਨਾਂ ਦੇ ਹੱਕ ' ਚ ਜਿੱਥੇ ਹਾਅ ਦਾ ਨਾਅਰਾ ਮਾਰਿਆ ਹੈ ਉਥੇ ਸਮੇਂ ਦੇ ਹਾਕਮਾਂ ਨੂੰ ਕਿਸਾਨੀ ਮੰਗਾਂ ਲਾਗੂ ਕਰਨ ਦੀ ਜਿਹੜੀ ਗੱਲ ਆਖੀ ਹੈ ਉ[illegible]ਹ ਸ਼ਲਾਘਾਯੋਗ ਹੈ। ਅਕਾਲੀ ਆਗੂ ਬਿੰਦਰ ਠੱਕਰਵਾਲ ਨੇ ਕਿਹਾ ਪੰਜਾਬ ਤੇ ਕੇਂਦਰ ਸਰਕਾਰਾਂ ਨੇ ਕਿਸਾਨਾਂ ਨਾਲ ਜਿਹੜਾ ਮਤਰੇਈ ਮਾਂ ਵਰਗਾ ਸਲੂਕ ਕੀਤਾ ਜਾ ਰਿਹਾ ਹੈ ਉਸ ਨਾਲ ਹਾਕਮਾਂ ਦਾ ਕਿਸਾਨ ਵਿਰੋਧੀ ਚਿਹਰਾ ਨੰਗਾ ਹੋ ਚੁੱਕਿਆ ਹੈ । ਹਰਮਿੰਦਰ ਸਿੰਘ ਬਿੰਦਰ ਠੱਕਰਵਾਲ ਨੇ ਕਿਹਾ ਦੇਸ਼ ਦੀਆਂ ਸਮੂਹ ਸਿਆਸੀ,ਜਨਤਕ,ਸਮਾਜ ਸੇਵੀ ਤੇ ਧਾਰਮਿਕ ਜਥੇਬੰਦੀਆਂ ਵੱਲੋਂ ਜਿੱਥੇ ਕਿਸਾਨਾਂ ਦੇ ਹੱਕ ਵਿੱਚ ਮੈਦਾਨ ਵਿੱਚ ਨਿੱਤਰਨਾ ਚਾਹੀਦਾ ਹੈ ਉੱਥੇ ਵਿਰੋਧੀ ਧਿਰ ਵਿੱਚ ਬੈਠੇ ਕਈ ਆਗੂ ਸਮੇਂ ਦੇ ਹਾਕਮਾਂ ਨਾਲ ਸਾਂਝ ਭਿਆਲ਼ੀ ਪਾ ਕੇ ਆਪਣੇ ਨਿੱਜੀ ਹਿੱਤਾਂ ਦੀ ਪੂਰਤੀ ਕਰਕੇ ਆਪਣੇ ਕਾਰੋਬਾਰ ਨੂੰ ਵਧਾਉਣ ਵਿੱਚ ਲੱਗੇ ਹੋਏ ਨੇ ਜਦੋਂ ਵਿਰੋਧੀ ਧਿਰ ਦੇ ਕਿਸੇ ਆਗੂ ਦੀ ਹਾਕਮ ਧਿਰ ਵੱਲੋਂ ਸ਼ਲਾਘਾ ਹੋਵੇ ਤਾਂ ਦਾਲ ਵਿੱਚ ਕੁਝ ਕਾਲਾ ਕਾਲਾ ਹੈ। ਬਿੰਦਰ ਠੱਕਰਵਾਲ ਨੇ ਕਿਹਾ ਉਨ੍ਹਾਂ ਵੱਲੋਂ ਕਿਸਾਨਾਂ ਦੇ ਸੰਘਰਸ਼ ਦਾ ਡਟਕੇ ਸਾਥ ਦਿੱਤਾ ਜਾਵੇਗਾ। ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕਿਸਾਨਾਂ ਪ੍ਰਤੀ ਅਪਣਾਏ ਜਾ ਰਹੇ ਹੰਕਾਰੀ ਤੇ ਬੁਖਲਾਹਟ ਭਰੇ ਵਤੀਰੇ ਦੀ ਨਿੰਦਾ ਕੀਤੀ ਉੱਥੇ ਵਿਰੋਧੀ ਧਿਰ ਵਿੱਚ ਬੈਠੇ ਆਗੂਆਂ ਨੂੰ ਕਿਸਾਨਾਂ ਦੇ ਹੱਕ ਬੋਲਣ ਤੇ ਚੁੱਪ ਤੋੜਨ ਦੀ ਵੀ ਅਪੀਲ ਕੀਤੀ।



# ਹੁਣ ਸਰਪੰਚ,ਨੰਬਰਦਾਰ ਅਤੇ ਕੌਂਸਲਰ ਵੀ ਕਰ ਸਕਣਗੇ ਈ-ਸੇਵਾ ਪੋਰਟਲ ਰਾਹੀਂ ਆਨਲਾਈਨ ਤਸਦੀਕ- ਵਿਰਾਜ.ਐਸ.ਤਿੜਕੇ




ਮਾਲੇਰਕੋਟਲਾ :(ਕਿੱਮੀ ਅਰੋੜਾ,ਅਸਲਮ ਨਾਜ਼) ਡਿਪਟੀ ਕਮਿਸ਼ਨਰ ਵਿਰਾਜ.ਐਸ.ਤਿੜਕੇ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਡਿਜੀਟਲ ਪੰਜਾਬ ਦੀ ਲਗਾਤਾਰਤਾ ਵਿੱਚ ਇੱਕ ਹੋਰ ਪੁਲਾਂਘ ਪੁਟਦਿਆਂ,ਸਮੁੱਚੀਆਂ ਨਾਗਰਿਕ ਸੇਵਾਵਾਂ ਲਈ ਸਰਪੰਚਾਂ,ਨੰਬਰਦਾਰਾਂ ਅਤੇ ਕੌਂਸਲਰਾਂ ਨੂੰ ਸੁਚੱਜਾ ਪ੍ਰਸ਼ਾਸਨ ਅਤੇ ਸੂਚਨਾ ਤਕਨੀਕ ਵਿਭਾਗ ਵੱਲੋਂ ਈ-ਗਵਰਨੈਂਸ ਪ੍ਰਣਾਲੀ ਨਾਲ ਜੋੜਨ ਲਈ ਲਗਾਤਾਰ ਉਪਰਾਲੇ ਕੀਤੇ ਗਏ ਹਨ ਤਾਂ ਜੋ ਉਹ ਇਸ ਪ੍ਰਣਾਲੀ ਨਾਲ ਜੁੜ ਕੇ ਆਮ ਲੋਕਾਂ ਦੇ ਦਸਤਾਵੇਜ ਆਨਲਾਈਨ ਤਸਦੀਕ ਕਰ ਸਕਣ । ਹੁਣ ਕੋਈ ਵੀ ਸਬੰਧਿਤ ਸਰਪੰਚ,ਨੰਬਰਦਾਰ ਅਤੇ ਕੌਂਸਲਰ ਆਪਣੇ ਹਲਕੇ,ਪਿੰਡ ਜਾਂ ਵਾਰਡ ਵਿੱਚ ਰਹਿ ਰਹੇ ਵਿਆਕਤੀ ਦੇ ਤਸਤਾਵੇਜ ਈ-ਸੇਵਾ ਆਈ.ਡੀ ਜਾਂ ਵਟਸਐਪ ਰਾਹੀਂ ਆਨਲਾਈਨ ਹੀ ਤਸਦੀਕ ਕਰ ਸਕਦੇ ਹਨ।

ਉਨ੍ਹਾਂ ਹੋਰ ਦੱਸਿਆ ਕਿ ਪੰਜਾਬ ਸਰਕਾਰ ਦੀ ਇਸ ਨਵੇਕਲੀ ਪਹਿਲਕਦਮੀ ਤਹਿਤ ਅਵਾਮ ਨੂੰ ਸਰਕਾਰੀ ਸੇਵਾਵਾਂ ਦੀ ਡਿਜੀਟਾਈਜ਼ੇਸ਼ਨ ਅਤੇ ਨਾਗਰਿਕਾਂ ਦੇ ਅਨੁਭਵਾਂ ਨੂੰ ਹੋਰ ਬਿਹਤਰ ਬਣਾਇਆ ਗਿਆ ਹੈ ਜਿਸ ਤਹਿਤ ਸਾਰਿਆਂ ਨੂੰ ਆਨ ਬੋਰਡ ਕਰਕੇ ਆਈ.ਡੀਜ਼ ਜਾਰੀ ਕੀਤੀਆਂ ਗਈਆਂ ਹਨ ਤਾਂ ਜੋ ਉਹ ਆਮ ਲੋਕਾਂ ਦੇ ਦਸਤਾਵੇਜ ਆਨ ਲਾਈਨ ਤਸਦੀਕ ਕਰ ਸਕਣ । ਇਸ ਪ੍ਰਣਾਲੀ ਤਹਿਤ ਆਮ ਲੋਕਾਂ ਦਾ ਜਿਥੇ ਸਮਾਂ ਬਚੇਗਾ ,ਉੱਥੇ ਉਹ ਘਰ ਬੈਠੇ ਹੀ ਆਪਣੇ ਜਰੂਰਤ ਦੇ ਦਸਤਾਵੇਜ ਭੌਤਿਕ ਤਸਦੀਕ ਕਰਵਾ ਸਕਣਗੇ ।

ਉਨ੍ਹਾਂ ਦੱਸਿਆਂ ਕਿ ਇਸ ਸਬੰਧੀ ਸੂਚਨਾਂ ਤਕਨੀਕ ਸ਼ਾਖਾ ਦਫਤਰ ਡਿਪਟੀ ਕਮਿਸ਼ਨਰ, ਮਾਲੇਰਕੋਟਲਾ ਵੱਲੋਂ ਜਿਲ੍ਹੇ ਦੇ ਸਮੂਹ ਸਰਪੰਚਾਂ,ਨੰਬਰਦਾਰਾਂ ਅਤੇ ਕੌਂਸਲਰਾਂ ਨੂੰ ਲੋੜੀਂਦੀ ਟਰੇਨਿੰਗ ਅਤੇ ਈ-ਸੇਵਾ ਆਈ ਡੀਜ਼ ਵੀ ਮੁਹੱਈਆ ਕਰਵਾਈਆਂ ਜਾ ਚੁੱਕੀਆਂ ਹਨ। ਇਸ ਸਬੰਧੀ ਹੋਰ ਕਿਸੇ ਵੀ ਤਰਾਂ ਦੀ ਤਕਨੀਕੀ ਜਾਣਕਾਰੀ ਜਾਂ ਹੋਰ ਟਰੇਨਿੰਗ ਆਦਿ ਲਈ ਜਿਲ੍ਹੇ ਦੇ ਸੂਚਨਾਂ ਤਕਨੀਕ ਸ਼ਾਖਾ ਨਾਲ ਕਿਸੇ ਵੀ ਦਫਤਰੀ ਕੰਮ-ਕਾਜ ਵਾਲੇ ਦਿਨ ਤਾਲਮੇਲ ਕੀਤਾ ਜਾ ਸਕਦਾ ਹੈ ਜੀ।

# ਡਾ.ਅਕਸ਼ਿਤਾ ਗੁਪਤਾ ਨੇ ਸੀਵਰੇਜ਼ ਟਰੀਟਮੈਂਟ ਪਲਾਂਟ ਦਾ ਕੀਤਾ ਦੌਰਾ

ਫਗਵਾੜਾ (ਸੁਸ਼ੀਲ ਸ਼ਰਮਾ) ਡਾ.ਅਕਸ਼ਿਤਾ ਗੁਪਤਾ ਆਈ.ਏ.ਐਸ.ਕਮਿਸ਼ਨਰ ਨਗਰ ਨਿਗਮ ਫਗਵਾੜਾ ਵਲੋਂ ਆਪਣਾ ਅਹੁਦਾ ਸੰਭਾਲਣ ਉਪਰੰਤ ਸ਼ਹਿਰ ਦੇ ਵੱਖ-ਵੱਖ ਖੇਤਰਾਂ ਦਾ ਜਾਇਜਾ ਲਿਆ ਗਿਆ,ਜਿਸ ਦੌਰਾਨ ਉਨ੍ਹਾਂ ਹਦੀਆਬਾਦ ਅਤੇ ਪਲਾਹੀ ਰੋਡ ਤੇ ਬਣੇ ਐੱਸ.ਟੀ.ਪੀ. (ਸੀਵਰੇਜ਼ ਟਰੀਟਮੈਂਟ ਪਲਾਂਟ) ਦਾ ਦੌਰਾ ਕੀਤਾ ।

ਉਨ੍ਹਾਂ ਸੀਵਰੇਜ਼ ਬੋਰਡ ਦੇ ਅਧਿਕਾਰੀਆਂ ਵਲੋਂ ਸੀਵਰੇਜ਼ ਟਰੀਟਮੈਂਟ ਪਲਾਂਟ ਦੀ ਵਧੀਆ ਸਾਂਭ ਸੰਭਾਲ ਲਈ ਤਸੱਲੀ ਪ੍ਰਗਟ ਕਰਦਿਆਂ ਅੱਗੇ ਤੋਂ ਵੀ ਹੋਰ ਬੇਹਤਰੀ ਨਾਲ ਕੰਮ ਕਰਨ ਦੀਆਂ ਹਦਾਇਤਾਂ ਜਾਰੀ ਕੀਤੀਆਂ ।

ਇਸ ਤੋਂ ਇਲਾਵਾ ਡਾ.ਅਕਸ਼ਿਤਾ ਗੁਪਤਾ ਵੱਲੋਂ ਪੰਜਾਬ ਵਾਟਰ ਸਪਲਾਈ ਅਤੇ ਸੀਵਰੇਜ਼ ਬੋਰਡ ਦੇ ਅਧਿਕਾਰੀਆਂ ਨੂੰ ਕਿਹਾ ਕਿ ਇਹ ਸੁਨਿਸ਼ਚਿਤ ਕੀਤਾ ਜਾਵੇ ਕਿ ਪਾਣੀ ਅਤੇ ਸੀਵਰੇਜ਼ ਦੇ ਬਿੱਲ ਜਮ੍ਹਾਂ ਕਰਵਾਉਣ ਲਈ ਦਫਤਰ ਵਿਖੇ ਆਉਣ ਵਾਲੇ ਨਾਗਰਿਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਨਾ ਆਉਣ ਦਿੱਤੀ ਜਾਵੇ ਅਤੇ ਬਿੱਲਾਂ ਦੀ ਕੁਲੈਕਸ਼ਨ ਨੂੰ ਆਨਲਾਈਨ ਮਾਧਿਅਮ ਰਾਹੀਂ ਵੀ ਚਾਲੂ ਕਰਨ ਦੇ ਨਿਰਦੇਸ਼ ਦਿੱਤੇ ਗਏ।

ਉਨ੍ਹਾਂ ਸ਼ਹਿਰਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਸ਼ਹਿਰ ਦੀ ਸਾਫ-ਸਫਾਈ ਲਈ ਹਰ ਸੰਭਵ ਯਤਨ ਨਗਰ ਨਿਗਮ ਵੱਲੋਂ ਕੀਤੇ ਜਾਣਗੇ ਅਤੇ ਇਸ ਕੰਮ ਲਈ ਸ਼ਹਿਰਵਾਸੀਆਂ ਨੂੰ ਪ੍ਰਸ਼ਾਸ਼ਨ ਦਾ ਸਹਿਯੋਗ ਕਰਨ ਦੀ ਅਪੀਲ ਕੀਤੀ ।

ਇਸ ਮੌਕੇ ਪੰਜਾਬ ਵਾਟਰ ਸਪਲਾਈ ਅਤੇ ਸੀਵਰੇਜ਼ ਬੋਰਡ ਦੇ ਅਧਿਕਾਰੀ ਪ੍ਰਦੀਪ ਚੌਟਾਨੀ,ਅਮਿਤ ਕੁਮਾਰ ਅਤੇ ਨਗਰ ਨਿਗਮ ਦੇ ਅਧਿਕਾਰੀ ਅਜੈ ਕੁਮਾਰ ਅਤੇ ਰਵਿੰਦਰ ਸਿੰਘ ਕਲਸੀ ਹਾਜ਼ਰ ਸਨ।



# ਅਥਰਵ ਅਵਾਰਡ ਆਫ਼ ਐਕਸੀਲੈਂਸ 1 ਜੂਨ ਨੂੰ



ਪਟਿਆਲਾ: (ਲੋਕ ਬਾਣੀ) ਅਥਰਵ ਐਵਾਰਡਜ਼ ਆਫ ਐਕਸੀਲੈਂਸ 1 ਜੂਨ ਨੂੰ ਆਯੋਜਿਤ ਕੀਤਾ ਜਾਵੇਗਾ। ਇਹ ਵੱਕਾਰੀ ਪੁਰਸਕਾਰ ਪ੍ਰੋਗਰਾਮ ਭਾਰਤ ਭਰ ਦੇ ਉੱਤਮ ਅੰਡਰਗ੍ਰੈਜੁਏਟ, ਪੋਸਟ ਗ੍ਰੈਜੂਏਟ ਅਤੇ ਪੀਐਚਡੀ ਖੋਜਕਰਤਾਵਾਂ ਨੂੰ ਉਨ੍ਹਾਂ ਦੇ ਬੇਮਿਸਾਲ ਯੋਗਦਾਨ ਲਈ ਇੱਕ ਰਾਸ਼ਟਰੀ ਪਲੇਟਫਾਰਮ ਤੇ ਮਾਨਤਾ ਦੇਵੇਗਾ।

ਅਥਰਵ ਗਰੁੱਪ ਆਫ਼ ਇੰਸਟੀਚਿਊਟਸ ਦੇ ਕਾਰਜਕਾਰੀ ਚੇਅਰਮੈਨ ਸੁਨੀਲ ਨੇ ਕਿਹਾ ਕਿ ਖੋਜ, ਤਕਨਾਲੋਜੀ ਅਤੇ ਨਵੀਨਤਾ ਦੇ ਖੇਤਰ ਵਿੱਚ ਉਨ੍ਹਾਂ ਦੇ ਅਸਾਧਾਰਨ ਯੋਗਦਾਨ ਨੂੰ ਸਨਮਾਨਿਤ ਕਰਕੇ ਅਸੀਂ ਭਾਰਤ ਦੇ ਨੌਜਵਾਨ ਖੋਜਕਰਤਾਵਾਂ ਦੀ ਬੁੱਧੀ, ਸਮਰੱਥਾ, ਕੁਸ਼ਲਤਾ, ਪ੍ਰਤਿਭਾ ਅਤੇ ਬੌਧਿਕ ਸ਼ਕਤੀ ਨੂੰ ਉਜਾਗਰ ਕਰਨਾ ਚਾਹੁੰਦੇ ਹਾਂ।

ਨਵੀਨਤਾ ਨੂੰ ਪ੍ਰੇਰਿਤ ਕਰਨ ਅਤੇ ਉੱਤਮਤਾ ਦਾ ਸਨਮਾਨ ਕਰਨ ਦੇ ਮਿਸ਼ਨ ਦੇ ਨਾਲ, ਇਹ ਪੁਰਸਕਾਰ ਰੋਬੋਟਿਕਸ, ਪੁਲਾੜ ਖੋਜ ਅਤੇ ਉੱਭਰ ਰਹੀਆਂ ਤਕਨਾਲੋਜੀਆਂ ਵਰਗੇ ਅਤਿ-ਆਧੁਨਿਕ ਖੇਤਰਾਂ ਵਿੱਚ ਬੇਮਿਸਾਲ ਯੋਗਦਾਨਾਂ ਦਾ ਸਨਮਾਨ ਕਰੇਗਾ।

ਹਰੇਕ ਵਰਗ ਵਿੱਚ ਇੱਕ ਪੁਰਸ਼ ਅਤੇ ਇੱਕ ਮਹਿਲਾ ਜੇਤੂ ਚੁਣਿਆ ਜਾਵੇਗਾ, ਜਿਸਨੂੰ ਇੱਕ ਟਰਾਫੀ ਅਤੇ 50,000 ਰੁਪਏ ਦਾ ਇਨਾਮ ਦਿੱਤਾ ਜਾਵੇਗਾ। ਇਸ ਪਹਿਲਕਦਮੀ ਦਾ ਉਦੇਸ਼ ਇੰਜੀਨੀਅਰਿੰਗ ਖੇਤਰ ਵਿੱਚ ਸਭ ਤੋਂ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਨਾ, ਉਤਸ਼ਾਹਿਤ ਕਰਨਾ ਅਤੇ ਇਨਾਮ ਦੇਣਾ ਹੈ।

ਇਹ ਸਮਾਗਮ ਪ੍ਰਮੁੱਖ ਅਕਾਦਮਿਕ, ਖੋਜਕਰਤਾਵਾਂ, ਉਦਯੋਗ ਮਾਹਿਰਾਂ ਅਤੇ ਨੀਤੀ ਨਿਰਮਾਤਾਵਾਂ ਨੂੰ ਇਕੱਠੇ ਲਿਆਏਗਾ, ਜਿਸ ਨਾਲ ਇਹ ਭਾਰਤ ਦੀ ਸਿੱਖਿਆ ਅਤੇ ਖੋਜ ਦੇ ਲੈਂਡਸਕੇਪ ਵਿੱਚ ਇੱਕ ਇਤਿਹਾਸਕ ਪਲ ਹੋਵੇਗਾ।

ਇਹ ਪੁਰਸਕਾਰ ਨਵੀਨਤਾ ਨੂੰ ਮਾਨਤਾ ਦੇਣ ਦੇ ਨਾਲ-ਨਾਲ ਭਵਿੱਖ ਦੀ ਤਰੱਕੀ ਲਈ ਇੱਕ ਉਤਪ੍ਰੇਰਕ ਵਜੋਂ ਕੰਮ ਕਰਨਗੇ, ਤਾਂ ਜੋ ਭਾਰਤ ਦੀ ਨੌਜਵਾਨ ਪ੍ਰਤਿਭਾ ਨੂੰ ਸਮਰਥਨ ਅਤੇ ਮਾਨਤਾ ਮਿਲ ਸਕੇ ਜਿਸ ਦੇ ਉਹ ਹੱਕਦਾਰ ਹਨ।

ਅਵਾਰਡਾਂ ਦਾ ਸ਼ਾਨਦਾਰ ਸਮਾਗਮ ਭਾਰਤ ਭਰ ਦੇ ਖੋਜਕਰਤਾਵਾਂ ਅਤੇ ਖੋਜਕਾਰਾਂ ਦੀ ਮੌਜੂਦਗੀ ਵਿੱਚ ਪ੍ਰਮੁੱਖ ਸਿੱਖਿਆ ਸ਼ਾਸਤਰੀਆਂ ਦੇ ਨਾਲ ਸਿੱਖਿਆ ਖੇਤਰ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਦੀ ਨਿਸ਼ਾਨਦੇਹੀ ਕਰੇਗਾ।

# ਸੈਮਕੋ ਨੇ ਲਾਰਜ ਕੈਪ ਫੰਡ ਲਈ ਐਨਐਫਓ ਕੀਤਾ ਲਾਂਚ

ਲੁਧਿਆਣਾ (ਲੋਕ ਬਾਣੀ)- ਸੈਮਕੋ ਐਸੈਟ ਮੈਨੇਜਮੈਂਟ ਪ੍ਰਾਈਵੇਟ ਲਿਮਿਟੇਡ ਨੇ ਸੈਮਕੋ ਲਾਰਜ ਕੈਪ ਫੰਡ ਲਈ ਨਿਊ ਫੰਡ ਆਫਰ (ਐਨਐਫਓ) ਲਾਂਚ ਕੀਤਾ ਹੈ, ਜੋ ਕਿ ਇੱਕ ਓਪਨ-ਐਂਡਿਡ ਇਕਵਿਟੀ ਸਕੀਮ ਹੈ ਜੋ ਲਾਰਜ ਕੈਪ ਸ਼ੇਅਰਾਂ ਵਿੱਚ ਨਿਵੇਸ਼ ਕਰਨ ਤੇ ਕੇਂਦਰਤ ਹੈ। ਐਨਐਫਓ 5 ਮਾਰਚ 2025 ਤੋਂ 19 ਮਾਰਚ 2025 ਤੱਕ ਖੁੱਲਾ ਰਹੇਗਾ। ਫੰਡ ਦਾ ਲਕਸ਼ ਸੈਮਕੋ ਦੇ ਪ੍ਰੋਪਰਾਇਟਰੀ ਸੀ.ਏ.ਆਰ.ਈ. ਦਾ ਲਾਭ ਉਠਾਉਂਦੇ ਹੋਏ 100 ਸਭ ਤੋਂ ਵੱਡੀਆਂ ਲਾਰਜ-ਕੈਪ ਕੰਪਨੀਆਂ ਦਾ ਵਿਵਿਧ ਪੋਰਟਫੋਲਿਓ ਤਿਆਰ ਕਰਨਾ ਅਤੇ ਲੰਬੇ ਸਮੇਂ ਵਿੱਚ ਨਿਵੇਸ਼ ਤੇ ਵਧੀਆ ਵਾਪਸੀ ਪ੍ਰਦਾਨ ਕਰਨੀ ਹੈ। ਉੱਚ-ਗੁਣਵੱਤਾ ਅਤੇ ਵਿਕਾਸ-ਕੇਂਦਰਤ ਮੌਕੇ ਖੋਜਣ ਲਈ ਮੋਮੈਂਟਮ ਸਟ੍ਰੈਟਜੀ ਦੀ ਵਰਤੋਂ ਕੀਤੀ ਜਾਵੇਗੀ।

ਲਾਰਜ-ਕੈਪ ਸੈਗਮੈਂਟ ਇੱਕ ਪਸੰਦੀਦਾ ਨਿਵੇਸ਼ ਵਿਕਲਪ ਬਣਿਆ ਹੋਇਆ ਹੈ, ਜੋ ਕਿ ਬਾਜ਼ਾਰ ਵਿੱਚ ਉਤਾਰ-ਚੜਾਅ ਦੇ ਦੌਰਾਨ ਸਥਿਰਤਾ ਅਤੇ ਨਿਰੰਤਰ ਵਾਪਸੀ ਦਿੰਦਾ ਹੈ। ਭਾਰਤ ਦੀ ਅਰਥਵਿਵਸਥਾ ਵਿਕਾਸ ਦੇ ਮਾਰਗ ਤੇ ਹੈ, ਅਤੇ ਲਾਰਜ-ਕੈਪ ਫੰਡਾਂ ਨੇ ਮਜ਼ਬੂਤੀ ਦਿਖਾਈ ਹੈ, ਜੋ ਕਿ ਫਰਾਬੰਦ ਆਧਾਰਭੂਤ ਨੀਤੀਆਂ ਵਾਲੀਆਂ ਸਥਾਪਿਤ ਕੰਪਨੀਆਂ ਦੁਆਰਾ ਸਮਰਥਿਤ ਹਨ। ਨਿਵੇਸ਼ਕ ਆਪਣੇ ਜੋਖਮ ਅਤੇ ਇਨਾਮ ਨੂੰ ਸੰਤੁਲਿਤ ਕਰਨਾ ਚਾਹੁੰਦੇ ਹਨ। ਇੱਕ ਵਧੀਆ ਢੰਗ ਨਾਲ ਬਣਾਇਆ ਗਿਆ ਲਾਰਜ-ਕੈਪ ਪੋਰਟਫੋਲਿਓ ਲੰਬੇ ਸਮੇਂ ਲਈ ਧਨ-ਸੰਚਯ ਦਾ ਇੱਕ ਮਹੱਤਵਪੂਰਨ ਹਿੱਸਾ ਬਣਿਆ ਰਹਿੰਦਾ ਹੈ।

ਸੈਮਕੋ ਲਾਰਜ ਕੈਪ ਫੰਡ ਨੂੰ ਪ੍ਰੋਪਰਾਇਟਰੀ ਸੀ.ਏ.ਆਰ.ਈ. ਦਾ ਲਾਭ ਉਠਾਉਣ ਲਈ ਡਿਜ਼ਾਈਨ ਕੀਤਾ ਗਿਆ ਹੈ, ਜੋ ਕਿ ਬਜ਼ਾਰ ਦੇ ਪ੍ਰਦਰਸ਼ਨ ਸੰਕੇਤਕਾਂ ਦੇ ਆਧਾਰ ਤੇ ਗਤੀਸ਼ੀਲ ਤਰੀਕੇ ਨਾਲ ਸ਼ੇਅਰ ਚੁਣਦਾ ਹੈ। ਇਹ ਫੰਡ ਲਾਰਜ-ਕੈਪ ਇਕਵਿਟੀ ਵਿੱਚ ਘੱਟੋ-ਘੱਟ 80 ਫੀਸਦੀ ਐਕਸਪੋਜ਼ਰ ਨਾਲ ਸਭ ਤੋਂ ਵੱਧ ਐਸੈਟ ਐਲੋਕੇਸ਼ਨ ਯਕੀਨੀ ਬਣਾਉਂਦਾ ਹੈ, ਜਿਸ ਨਾਲ ਨਿਵੇਸ਼ਕਾਂ ਨੂੰ ਵਧੀਆ ਠੋਸ ਅਤੇ ਮੂਲ ਤੌਰ ਤੇ ਮਜ਼ਬੂਤ ਵਿਅਪਾਰਾਂ ਤੱਕ ਪਹੁੰਚ ਮਿਲਦੀ ਹੈ। ਮਾਰਕੀਟ ਦੀ ਅਸਥਿਰਤਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਬੰਧਿਤ ਕਰਨ ਲਈ, ਇਹ ਫੰਡ ਨਿਵੇਸ਼ਕ ਪੂੰਜੀ ਦੀ ਸੁਰੱਖਿਆ ਲਈ ਸਾਮਰਥਕ ਹੇਜਿੰਗ ਅਤੇ ਡੈਰੀਵੇਟਿਵ ਰਣਨੀਤੀਆਂ ਨੂੰ ਸ਼ਾਮਲ ਕਰਦਾ ਹੈ।

ਲਾਂਚ ਮੌਕੇ, ਸੈਮਕੋ ਐਸੈਟ ਮੈਨੇਜਮੈਂਟ ਪ੍ਰਾਈਵੇਟ ਲਿਮਿਟਡ ਦੇ ਸੀ.ਈ.ਓ. ਵਿਰਾਜ ਗਾਂਧੀ ਨੇ ਕਿਹਾ ਕਿ ਮੌਜੂਦਾ ਬਜ਼ਾਰ ਹਾਲਾਤਾਂ ਵਿੱਚ ਭਾਰਤ ਵਿੱਚ ਲਾਰਜ-ਕੈਪ ਸ਼ੇਅਰਾਂ ਦੀ ਕੀਮਤ ਮਿੱਡ ਅਤੇ ਸਮਾਲ ਕੈਪ ਦੀ ਤੁਲਨਾ ਵਿੱਚ ਆਕਰਸ਼ਕ ਹੋ ਗਈ ਹੈ, ਜੋ ਕਿ ਇੱਕ ਵਧੀਆ ਨਿਵੇਸ਼ ਮੌਕਾ ਪੇਸ਼ ਕਰਦਾ ਹੈ। ਮਿੱਡ ਅਤੇ ਸਮਾਲ ਕੈਪ ਵੱਲੋਂ ਮਹੱਤਵਪੂਰਨ ਵਧੀਆ ਪ੍ਰਦਰਸ਼ਨ ਦੀ ਗੱਲਬਾਤ ਕਰਦੇ ਹੋਏ, ਉਨ੍ਹਾਂ ਨੇ ਕਿਹਾ ਕਿ ਉਸ ਸੈਗਮੈਂਟ ਵਿੱਚ ਮੁੱਲ-ਅਨੁਪਾਤ (ਵੈਲੂਏਸ਼ਨ) ਵਧ ਗਿਆ ਹੈ, ਜਦਕਿ ਲਾਰਜ-ਕੈਪ ਵਧੀਆ ਜੋਖਮ-ਅਨੁਪਾਤ ਰਿਟਰਨ ਅਤੇ ਸਥਿਰਤਾ ਪ੍ਰਦਾਨ ਕਰਦੇ ਹਨ। ਮਜ਼ਬੂਤ ਬੁਨਿਆਦੀ ਨਿਯਮਾਂ ਅਤੇ ਵਧੀਆ ਆਮਦਨ ਦ੍ਰਿਸ਼ਟਿਕੋਣ ਦੇ ਨਾਲ, ਲਾਰਜ-ਕੈਪ—ਜੋ ਕਿ ਮਾਰਕੀਟ ਕੈਪ ਦੇ ਅਨੁਸਾਰ ਸ਼ੀਰਸ਼ 100 ਕੰਪਨੀਆਂ ਹੁੰਦੀਆਂ ਹਨ—ਅਗਲੇ ਬਜ਼ਾਰ ਵਿਕਾਸ ਪੜਾਅ ਦੀ ਅਗਵਾਈ ਕਰਨ ਲਈ ਤਿਆਰ ਹਨ।

# ਪਾਣੀ ਦੀ ਸੰਭਾਲ ਅਤੇ ਅੰਮ੍ਰਿਤਸਰ ਵਿੱਚ ਸਤਹ ਪਾਣੀ ਦੀ ਲੋੜ ਤੇ ਜੀ.ਐਨ.ਡੀ.ਯੂ ਵਿਖੇ ਕੀਤਾ ਸੈਮੀਨਾਰ ਦਾ ਆਯੋਜਨ



ਅੰਮ੍ਰਿਤਸਰ,(ਲੋਕ ਬਾਣੀ) ਅੰਮ੍ਰਿਤਸਰ ਬਲਕ ਵਾਟਰ ਸਪਲਾਈ ਪ੍ਰੋਜੈਕਟ ਤਹਿਤ, ਕਾਰਪੋਰੇਸ਼ਨ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਦੇ ਨਿਰਦੇਸ਼ਾਂ ਅਨੁਸਾਰ ਅਤੇ ਜੀ.ਐਨ.ਡੀ.ਯੂ ਦੇ ਵਾਈਸ ਚਾਂਸਲਰ ਪ੍ਰੋ.ਡਾ. ਕਰਮਜੀਤ ਸਿੰਘ ਦੀ ਅਗਵਾਈ ਹੇਠ ਪਾਣੀ ਦੀ ਸੰਭਾਲ ਅਤੇ ਅੰਮ੍ਰਿਤਸਰ ਵਿੱਚ ਪਾਣੀ ਦੀ ਸਪਲਾਈ ਲਈ ਧਰਤੀ ਹੇਠਲੇ ਪਾਣੀ ਦੀ ਬਜਾਏ ਸਤਹੀ ਪਾਣੀ ਦੀ ਵਰਤੋਂ ਕਰਨ ਦੀ ਜ਼ਰੂਰਤ ਬਾਰੇ ਇੱਕ ਜਾਗਰੂਕਤਾ ਸੈਮੀਨਾਰ ਨਗਰ ਨਿਗਮ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸਮਾਜ ਸ਼ਾਸਤਰ ਵਿਭਾਗ ਅਤੇ ਸਕੂਲ ਆਫ਼ ਸੋਸ਼ਲ ਸਾਇੰਸਜ਼ ਵੱਲੋਂ ਜੀਐਨਡੀਯੂ ਵਿੱਖੇ ਆਯੋਜਿਤ ਕੀਤਾ ਗਿਆ। ਲਾਰਸਨ ਐਂਡ ਟੂਬਰੋ ਕੰਪਨੀ ਦੇ ਸਹਿਯੋਗ ਨਾਲ ਆਯੋਜਿਤ ਇਸ ਸੈਮੀਨਾਰ ਦਾ ਉਦੇਸ਼ ਵਿਦਿਆਰਥੀਆਂ ਨੂੰ ਅੰਮ੍ਰਿਤਸਰ ਬਲਕ ਜਲ ਸਪਲਾਈ ਯੋਜਨਾ ਦੇ ਨਾਲ-ਨਾਲ ਪਾਣੀ ਦੀ ਸੰਭਾਲ ਬਾਰੇ ਜਾਗਰੂਕ ਕਰਨਾ ਸੀ। ਪ੍ਰੋਗਰਾਮ ਦਾ ਉਦਘਾਟਨ ਸਕੂਲ ਆਫ਼ ਸੋਸ਼ਲ ਸਾਇੰਸਜ਼ ਵਿਭਾਗ ਦੇ ਮੁਖੀ, ਪ੍ਰੋ. ਅੰਜਲੀ ਮਹਿਰਾ ਨੇ ਮਹਿਮਾਨ ਟੀਮ ਅਤੇ ਬੁਲਾਰਿਆਂ ਦਾ ਸਵਾਗਤ ਕੀਤਾ।

ਇਸ ਮੌਕੇ ਰਮਨ ਸ਼ਰਮਾ ਨੇ ਕਿਹਾ ਕਿ ਪੰਜਾਬ ਵਿੱਚ ਧਰਤੀ ਹੇਠਲੇ ਪਾਣੀ ਦਾ ਪੱਧਰ ਤੇਜ਼ੀ ਨਾਲ ਡਿੱਗ ਰਿਹਾ ਹੈ। ਪੰਜਾਬ ਦੇ ਜਲ ਸਰੋਤ 2022 ਦੀ ਰਿਪੋਰਟ ਅਨੁਸਾਰ, ਸੂਬੇ ਦੇ 153 ਬਲਾਕਾਂ ਵਿੱਚੋਂ 117 ਨੂੰ ਡਾਰਕ ਜ਼ੋਨ ਘੋਸ਼ਿਤ ਕੀਤਾ ਗਿਆ ਹੈ। ਅੰਮ੍ਰਿਤਸਰ ਜ਼ਿਲ੍ਹੇ ਦੇ ਸਾਰੇ ਦਸ ਬਲਾਕਾਂ ਨੂੰ ਡਾਰਕ ਜ਼ੋਨ ਘੋਸ਼ਿਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਕੱਲੇ ਅੰਮ੍ਰਿਤਸਰ ਦੇ ਸ਼ਹਿਰੀ ਖੇਤਰ ਵਿੱਚ ਹੀ ਧਰਤੀ ਹੇਠਲੇ ਪਾਣੀ ਦੀ ਨਿਕਾਸੀ ਤਿੰਨ ਸੌ ਪ੍ਰਤੀਸ਼ਤ ਤੋਂ ਵੱਧ ਹੋ ਗਈ ਹੈ। ਜਿਸ ਕਾਰਨ ਸ਼ਹਿਰ ਲੰਬੇ ਸਮੇਂ ਤੱਕ ਪਾਣੀ ਦੀ ਸਪਲਾਈ ਲਈ ਭੂਮੀਗਤ ਪਾਣੀ ਤੇ ਨਿਰਭਰ ਨਹੀਂ ਰਹਿ ਸਕਦਾ। ਇਨ੍ਹਾਂ ਗੱਲਾਂ ਨੂੰ ਧਿਆਨ ਵਿੱਚ ਰੱਖਦੇ ਹੋਏ, ਪੰਜਾਬ ਸਰਕਾਰ ਨੇ ਸ਼ਹਿਰ ਵਿੱਚ ਟਿਕਾਊ ਅਤੇ ਸੁਰੱਖਿਅਤ ਪਾਣੀ ਦੀ ਸਪਲਾਈ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਅੰਮ੍ਰਿਤਸਰ ਬਲਕ ਵਾਟਰ ਸਪਲਾਈ ਪ੍ਰੋਜੈਕਟ ਸ਼ੁਰੂ ਕੀਤਾ ਹੈ। ਜਿਸ ਤਹਿਤ ਆਉਣ ਵਾਲੇ ਸਮੇਂ ਵਿੱਚ ਯੂ.ਬੀ.ਡੀ.ਸੀ ਨਹਿਰ ਦੇ ਪਾਣੀ ਨੂੰ ਸਾਫ਼ ਕਰਕੇ ਸਪਲਾਈ ਕੀਤਾ ਜਾਵੇਗਾ। ਇਸ ਤਹਿਤ, ਵੱਲਾ ਵਿੱਚ 44 ਕਰੋੜ ਲੀਟਰ ਦੀ ਸਮਰੱਥਾ ਵਾਲਾ ਵਾਟਰ ਟ੍ਰੀਟਮੈਂਟ ਪਲਾਂਟ, 112 ਕਿਲੋਮੀਟਰ ਲੰਬੀ ਪਾਈਪਲਾਈਨ ਵਿਛਾਉਣ ਦੇ ਨਾਲ-ਨਾਲ 51 ਨਵੇਂ ਟੈਂਕ ਬਣਾਏ ਜਾ ਰਹੇ ਹਨ। ਡਾ. ਮੋਨਿਕਾ ਸੱਭਰਵਾਲ ਨੇ ਧਰਤੀ ਹੇਠਲੇ ਪਾਣੀ ਨਾਲੋਂ ਸਤਹੀ ਪਾਣੀ ਦੇ ਸਿਹਤ ਲਾਭਾਂ ਬਾਰੇ ਕੀਮਤੀ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਬਲਕ ਵਾਟਰ ਸਪਲਾਈ ਪ੍ਰੋਜੈਕਟ ਅਧੀਨ ਸਪਲਾਈ ਕੀਤੇ ਜਾਣ ਵਾਲੇ ਪਾਣੀ ਦੀ ਗੁਣਵੱਤਾ ਬਿਊਰੋ ਆਫ਼ ਇੰਡੀਅਨ ਸਟੈਂਡਰਡਜ਼ ਆਈ ਐਸ 10500-2012 ਦੇ ਪੱਧਰ ਦੀ ਹੋਵੇਗੀ।

ਉਨ੍ਹਾਂ ਦੱਸਿਆ ਕਿ ਜੇਕਰ ਅਸੀਂ ਆਪਣੀ ਰੋਜ਼ਾਨਾ ਜ਼ਿੰਦਗੀ ਵਿੱਚ ਕੁਝ ਬਦਲਾਅ ਕਰੀਏ ਤਾਂ ਅਸੀਂ ਆਸਾਨੀ ਨਾਲ ਪਾਣੀ ਦੀ ਬਚਤ ਕਰ ਸਕਦੇ ਹਾਂ, ਜਿਵੇਂ ਕਿ ਵਾਸ਼ਿੰਗ ਮਸ਼ੀਨ ਨੂੰ ਪੂਰੀ ਸਮਰੱਥਾ ਨਾਲ ਵਰਤਣਾ, ਨਹਾਉਣ ਲਈ ਸ਼ਾਵਰ ਦੀ ਬਜਾਏ ਬਾਲਟੀ ਦੀ ਵਰਤੋਂ ਕਰਨਾ, ਛੱਤ ਤੇ ਪਾਣੀ ਦੀਆਂ ਟੈਂਕੀਆਂ ਵਿੱਚ ਓਵਰਫਲੋ ਅਲਾਰਮ ਲਗਾਉਣਾ, ਘਰ ਵਿੱਚ ਲੀਕ ਹੋਣ ਵਾਲੀਆਂ ਟੂਟੀਆਂ ਦੀ ਸਮੇਂ ਸਿਰ ਮੁਰੰਮਤ ਕਰਵਾਉਣਾ, ਕਾਰ ਧੋਣ ਲਈ ਸਿੱਧੇ ਪਾਣੀ ਦੀ ਬਜਾਏ ਗਿੱਲੇ ਕੱਪੜੇ ਦੀ ਵਰਤੋਂ ਕਰਨਾ ਆਦਿ। ਅੰਤ ਵਿੱਚ, ਡਾ. ਰਚਨਾ ਸ਼ਰਮਾ ਅਤੇ ਡਾ. ਗੁਰਸ਼ਮਿੰਦਰ ਸਿੰਘ ਬਾਜਵਾ ਨੇ ਸੱਦੇ ਗਏ ਮਹਿਮਾਨਾਂ ਅਤੇ ਭਾਗੀਦਾਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਪ੍ਰੋ. ਬਿਕਰਮ ਸਿੰਘ ਬਾਜਵਾ, ਪ੍ਰੋ. ਰਜਿੰਦਰ ਕੌਰ, ਪ੍ਰੋ. ਦਲਬੀਰ ਸਿੰਘ ਸੋਗੀ, ਡਾ. ਮਨਜੋਤ ਕੌਰ, ਡਾ. ਨਿਰਮਲਾ, ਡਾ. ਯੋਗੇਸ਼, ਡਾ. ਦਿਵਜੋਤ ਕੌਰ, ਡਾ. ਨੈਨਸੀ, ਅਸ਼ਵਨੀ ਸ਼ਰਮਾ, ਬੰਨਾਪ੍ਰਿਆ ਆਦਿ ਵੀ ਮੌਜੂਦ ਸਨ।

# ਸ਼ੇਰ-ਏ-ਪੰਜਾਬ ਕਿਸਾਨ ਯੂਨੀਅਨ ਨੇ ਮੰਡੀ ਦੀਆਂ ਸਮੱਸਿਆਵਾਂ ਹੱਲ ਕਰਨ ਲਈ ਸਕੱਤਰ ਮਾਰਕਿਟ ਕਮੇਟੀ ਨੂੰ ਦਿੱਤਾ ਮੰਗ ਪੱਤਰ



ਅਬੋਹਰ,(ਲੋਕ ਬਾਣੀ) : ਸ਼ੇਰ-ਏ-ਪੰਜਾਬ ਕਿਸਾਨ ਯੂਨੀਅਨ ਨੇ ਆਉਣ ਵਾਲੇ ਹਾੜੀ ਦੇ ਸੀਜ਼ਨ ਦੌਰਾਨ ਅਨਾਜ ਮੰਡੀ ਦੀਆਂ ਸਮੱਸਿਆਵਾਂ ਸਬੰਧੀ ਮਾਰਕੀਟ ਕਮੇਟੀ ਅਬੋਹਰ ਦੇ ਸਕੱਤਰ ਬਲਜਿੰਦਰ ਸਿੰਘ ਨਾਲ ਮੁਲਾਕਾਤ ਕਰਕੇ ਇੱਕ ਮੰਗ ਪੱਤਰ ਦਿੱਤਾ।

ਕਿਸਾਨ ਯੂਨੀਅਨ ਨੇ ਆਪਣੀ ਮੰਗ ਵਿੱਚ ਮੰਡੀ ਵਿੱਚ ਜਿੰਨੇ ਵੀ ਨਾਜਾਇਜ ਗੇਟ ਹਨ ਉਨ੍ਹਾਂ ਨੂੰ ਤੁਰੰਤ ਬੰਦ ਕਰਵਾਉਣ, ਗੁਜਰਾਂ ਦੀਆਂ ਗਾਵਾਂ ਜੋ ਅਕਸਰ ਮੰਡੀ ਰਾਹੀਂ ਲੰਘਦੀਆਂ ਹਨ ਉਨ੍ਹਾਂ ਨੂੰ ਰੋਕਣ ਅਤੇ ਮੰਡੀ ਦੇ ਗੇਟਾਂ ਤੇ ਚੌਂਕੀਦਾਰ ਮੁਹੱਈਆ ਕਰਵਾਉਣ ਦੀ ਮੰਗ ਰੱਖੀ। ਉਨ੍ਹਾਂ ਕਿਹਾ ਕਿ ਚੌਂਕੀਦਾਰਾਂ ਦੀ ਮੌਜੂਦਗੀ ਨਾਲ ਮੰਡੀ ਵਿੱਚ ਹੋਣ ਵਾਲੀਆਂ ਚੋਰੀਆਂ ਨੂੰ ਰੋਕਿਆ ਜਾ ਸਕੇਗਾ। ਇਸ ਤੋਂ ਇਲਾਵਾ ਮੰਡੀ ਵਿੱਚ ਬਿਜਲੀ, ਪਾਣੀ, ਲਾਈਟਾਂ, ਤਰਪੈਲਾ, ਅਤੇ ਬਾਥਰੂਮਾਂ ਦੀ ਸਫਾਈ ਸੰਬੰਧੀ ਸੂਲਤਾਂ ਵਧਾਉਣ ਦੀ ਜ਼ਰੂਰਤ ਤੇ ਵੀ ਜੋਰ ਦਿੱਤਾ। ਕਿਸਾਨ ਆਗੂਆਂ ਨੇ ਕਿਹਾ ਕਿ ਮੰਡੀ ਦੇ ਸ਼ੈਡਾਂ ਹੇਠਾਂ ਬੇਵਜ਼ਾ ਖੜ੍ਹੇ ਰਹਿਣ ਵਾਲੇ ਟਰੱਕ, ਕਿਸਾਨਾਂ ਦੀ ਫਸਲ ਵੇਚਣ ਦੀ ਪ੍ਰਕਿਰਿਆ ਨੂੰ ਪਰੇਸ਼ਾਨ ਕਰਦੇ ਹਨ, ਜੋ ਬਹੁਤ ਵੱਡੀ ਮੁਸ਼ਕਲ ਬਣ ਚੁੱਕੀ ਹੈ। ਇਸ ਮੌਕੇ ਕਿਸਾਨ ਆਗੂਆਂ ਨੇ ਲੱਕੜ ਮੰਡੀ ਨੂੰ ਮੁੱਖ ਅਨਾਜ ਮੰਡੀ ਤੋਂ ਵੱਖਰੀ ਥਾਂ ਤੇ ਤਬਦੀਲ ਕਰਨ ਦੀ ਮੰਗ ਵੀ ਰੱਖੀ। ਉਨ੍ਹਾਂ ਕਿਹਾ ਕਿ ਲੱਕੜ ਮੰਡੀ ਦੇ ਹੋਣ ਕਾਰਨ ਸੀਜ਼ਨ ਦੌਰਾਨ ਮੁੱਖ ਮੰਡੀ ਵਿੱਚ ਭਾਰੀ ਭੀੜ ਹੋ ਜਾਂਦੀ ਹੈ, ਜੋ ਫਸਲ ਦੀ ਆਸਾਨ ਅਤੇ ਸਮੇਂ-ਸਿਰ ਵਿਕਰੀ ਚ ਰੁਕਾਵਟ ਪੈਦਾ ਕਰਦੀ ਹੈ।

ਸਕੱਤਰ ਮਾਰਕਿਟ ਕਮੇਟੀ ਬਲਜਿੰਦਰ ਸਿੰਘ ਨੇ ਕਿਸਾਨ ਆਗੂਆਂ ਨੂੰ ਯਕੀਨ ਦਵਾਇਆ ਕਿ ਹਾੜੀ ਦੇ ਸੀਜ਼ਨ ਤੋਂ ਪਹਿਲਾਂ ਮੰਡੀਆਂ ਵਿੱਚ ਪ੍ਰਬੰਧ ਮੁਕੰਮਲ ਕਰ ਲਏ ਜਾਣਗੇ। ਉਨ੍ਹਾਂ ਦੱਸਿਆ ਕਿ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਦੀਆਂ ਹਦਾਇਤਾਂ ਅਨੁਸਾਰ ਮੁੱਖ ਅਨਾਜ ਮੰਡੀ ਅਬੋਹਰ ਵਿੱਚ ਸਾਫ-ਸਫਾਈ ਪਹਿਲਾਂ ਹੀ ਜਾਰੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਮਾਰਕਿਟ ਕਮੇਟੀ ਦੇ ਕਰਮਚਾਰੀਆਂ ਨੂੰ ਸਖ਼ਤ ਨਿਰਦੇਸ਼ ਦਿੱਤੇ ਗਏ ਹਨ ਕਿ ਮੰਡੀ ਦੀ ਸਾਫ-ਸਫਾਈ ਨੂੰ ਯਕੀਨੀ ਬਣਾਇਆ ਜਾਵੇ ਅਤੇ ਕਿਸੇ ਵੀ ਥਾਂ ਤੇ ਕੂੜਾ ਨਾ ਹੋਣ ਦਿੱਤਾ ਜਾਵੇ। ਇਸ ਮੀਟਿੰਗ ਦੌਰਾਨ ਕਿਸਾਨ ਆਗੂਆਂ ਨੇ ਆਪਣੀਆਂ ਹੋਰ ਮੁਸ਼ਕਲਾਂ ਨੂੰ ਵੀ ਦੱਸਿਆ, ਜਿਸ ਤੇ ਸਕੱਤਰ ਬਲਜਿੰਦਰ ਸਿੰਘ ਨੇ ਜਲਦੀ ਹੱਲ ਕਰਵਾਉਣ ਦਾ ਭਰੋਸਾ ਦਿੱਤਾ।

ਇਸ ਮੌਕੇ ਭੁਪਿੰਦਰ ਸਿੰਘ ਕਿੱਕਰ ਖੇੜਾ ਜਿਲ੍ਹਾ ਪ੍ਰਧਾਨ(ਫਾਜਿਲਕਾ), ਸਿਮਰਜੀਤ ਸਿੰਘ ਜਿਲ੍ਹਾ ਜਨਰਲ ਸਕੱਤਰ, ਗੁਰਟੇਕ ਸਿੰਘ ਬਲਾਕ ਪ੍ਰਧਾਨ, ਲੱਖਵਿੰਦਰ ਸਿੰਘ ਪ੍ਰੈਸ ਸਕੱਤਰ, ਅਮਰੀਕ ਸਿੰਘ ਜਿਲ੍ਹਾ ਮੀਤ ਸਕੱਤਰ, ਮਹਿੰਦਰ ਰਾਮਸਰਾ ਬਲਾਕ ਪ੍ਰਧਾਨ, ਰਮਨਪ੍ਰੀਤ ਸਿੰਘ ਬਲਾਕ ਮੀਤ ਪ੍ਰਧਾਨ ਆਦਿ ਕਿਸਾਨ ਆਗੂ ਮੌਜੂਦ ਸਨ।

# ਨਿਸਾਨ ਮੈਗਨਾਈਟ ਨੇ 50,000 ਯੂਨਿਟਾ ਨਿਰਯਾਤ ਦਾ ਮੀਲ ਪੱਥਰ ਪਾਰ ਕੀਤਾ




ਚੰਡੀਗੜ੍ਹ: (ਲੋਕ ਬਾਣੀ) ਵਾਤਾਵਰਣ-ਅਨੁਕੂਲ ਆਵਾਜਾਈ ਨੂੰ ਉਤਸ਼ਾਹਿਤ ਕਰਨ ਦੀ ਆਪਣੀ ਵਚਨਬੱਧਤਾ ਦੇ ਹਿੱਸੇ ਵਜੋਂ, ਨਿਸਾਨ ਨੇ ਅੱਜ ਐਲਾਨ ਕੀਤਾ ਕਿ ਨਵਾਂ ਨਿਸਾਨ ਮੈਗਨਾਈਟ 2♣10 ਨੈਚੁਰਲੀ ਐਸਪੀਰੇਟਿਡ ਇੰਜਣ ਹੁਣ ਪੂਰੀ ਤਰ੍ਹਾਂ 520 ਅਨੁਕੂਲ ਹੈ।

ਇਸਦੇ ਨਾਲ, ਇਹ ਵਧੇਰੇ ਸ਼ਕਤੀਸ਼ਾਲੀ 1.0 ਲੀਟਰ 8♣10 ਟਰਬੋਚਾਰਜਡ ਪੈਟਰੋਲ ਇੰਜਣ ਦੇ ਬਰਾਬਰ ਆਉਂਦਾ ਹੈ, ਜਿਸ ਨੂੰ ਅਗਸਤ 2024 ਵਿੱਚ 520 ਅਨੁਕੂਲ ਬਣਾਇਆ ਗਿਆ ਸੀ। ਇਸ ਪ੍ਰਾਪਤੀ ਦੇ ਨਾਲ, ਨਵੇਂ ਨਿਸਾਨ ਮੈਗਨਾਈਟ ਦੇ ਸਾਰੇ ਪਾਵਰਟ੍ਰੇਨ ਵਿਕਲਪ ਹੁਣ 520 ਅਨੁਕੂਲ ਬਣ ਗਏ ਹਨ।

ਨਿਸਾਨ ਮੋਟਰ ਇੰਡੀਆ ਨੇ ਆਪਣੇ ਲਾਂਚ ਤੋਂ ਬਾਅਦ ਮੈਗਨਾਈਟ ਦੀਆਂ 50,000 ਯੂਨਿਟਾਂ ਦੀ ਨਿਰਯਾਤ ਦਾ ਇੱਕ ਮਹੱਤਵਪੂਰਨ ਮੀਲ ਪੱਥਰ ਵੀ ਪਾਰ ਕੀਤਾ ਹੈ।

ਨਵੀਂ ਨਿਸਾਨ ਮੈਗਨਾਈਟ ਨੇ ਭਾਰਤ ਨੂੰ ਕੰਪਨੀ ਲਈ ਇੱਕ ਪ੍ਰਮੁੱਖ ਨਿਰਯਾਤ ਹੱਬ ਵਜੋਂ ਸਥਾਪਤ ਕਰਨ ਲਈ ਕੰਪਨੀ ਦੀ ਹਾਲੀਆ ਰਣਨੀਤਕ ਘੋਸ਼ਣਾ ਦੇ ਅਨੁਸਾਰ ਲਾਂਚ ਕੀਤੇ ਜਾਣ ਤੋਂ ਬਾਅਦ ਘਰੇਲੂ ਅਤੇ ਨਿਰਯਾਤ ਬਾਜ਼ਾਰਾਂ ਵਿੱਚ ਆਪਣੀ ਥੋਕ ਵਿਕਰੀ ਵਿੱਚ ਤੇਜ਼ੀ ਨਾਲ ਵਾਧਾ ਕੀਤਾ ਹੈ।ਐਲਐਚਡੀ ਸੰਸਕਰਣ ਦੀ ਸ਼ੁਰੂਆਤ ਨੇ ਜਨਵਰੀ 2025 ਵਿੱਚ ਪਹਿਲੀ ਡਿਸਪੈਚ ਦੇ ਨਾਲ ਇਸ ਦਿਸ਼ਾ ਵਿੱਚ ਇੱਕ ਵੱਡਾ ਯੋਗਦਾਨ ਪਾਇਆ ਹੈ।

ਫਰਵਰੀ 2025 ਵਿੱਚ, ਨਿਸਾਨ ਨੇ ਕੁੱਲ 8567 ਯੂਨਿਟਾਂ ਦੀ ਥੋਕ ਵਿਕਰੀ ਕੀਤੀ, ਜਿਸ ਵਿੱਚ ਵਧੇ ਹੋਏ ਨਿਰਯਾਤ ਅੰਕੜਿਆਂ ਨੇ ਮਹੱਤਵਪੂਰਨ ਯੋਗਦਾਨ ਪਾਇਆ। ਘਰੇਲੂ ਬਜ਼ਾਰ ਵਿੱਚ 2328 ਯੂਨਿਟ ਅਤੇ ਨਿਰਯਾਤ ਬਾਜ਼ਾਰ ਵਿੱਚ 6239 ਯੂਨਿਟ ਵੇਚੇ ਗਏ।

ਫਰਵਰੀ 2024 ਚ 3163 ਦੇ ਮੁਕਾਬਲੇ ਇਸ ਸਾਲ ਬਰਾਮਦ ਚ 97 ਫੀਸਦੀ ਦਾ ਵਾਧਾ ਦਰਜ ਕੀਤਾ ਗਿਆ ਹੈ।

ਨਿਸਾਨ ਮੋਟਰ ਇੰਡੀਆ ਦੇ ਮੈਨੇਜਿੰਗ ਡਾਇਰੈਕਟਰ ਸ਼੍ਰੀ ਸੌਰਭ ਵਤਸ ਨੇ ਕਿਹਾ, ਨਵਾਂ ਨਿਸਾਨ ਮੈਗਨਾਈਟ 520 ਅਨੁਕੂਲ ਹੋਣਾ ਵਾਤਾਵਰਣ ਦੇ ਮਾਪਦੰਡਾਂ ਨੂੰ ਬਦਲਦੇ ਹੋਏ ਭਵਿੱਖ ਲਈ ਤਿਆਰ ਗਤੀਸ਼ੀਲਤਾ ਹੱਲ ਪ੍ਰਦਾਨ ਕਰਨ ਪ੍ਰਤੀ ਸਾਡੇ ਸਮਰਪਣ ਨੂੰ ਦਰਸਾਉਂਦਾ ਹੈ।ਅਸੀਂ ਭਾਰਤ ਵਿੱਚ ਆਪਣੇ ਸੰਚਾਲਨ ਲਈ ਵਚਨਬੱਧ ਹਾਂ ਅਤੇ ਨਵੇਂ ਨਿਸਾਨ ਮੈਗਨਾਈਟ ਦਾ ਵਿਕਾਸ ਇਸ ਸਮਰਪਣ ਦਾ ਪ੍ਰਮਾਣ ਹੈ।

# ਬਿਜਲੀ ਦੀ ਜਰੂਰੀ ਮੇਨਟੀਨੈਂਸ ਕਾਰਣ ਬਿਜਲੀ ਸਪਲਾਈ ਸਵੇਰੇ 9.00 ਤੋਂ 2.00 ਵਜੇ ਤੱਕ ਬੰਦ ਰਹੇਗੀ



ਫਗਵਾੜਾ (ਸੁਸ਼ੀਲ ਸ਼ਰਮਾ) ਪੀ ਐਸ ਪੀ ਸੀ ਐਲ ਸਹਾਇਕ ਕਾਰਜਕਾਰੀ ਇੰਜੀਨੀਅਰ

ਟੀ-2 ਸਬ ਅਰਬਨ ਉਪ ਮੰਡਲ ਫਗਵਾੜਾ ਨੇ ਇੱਕ ਪ੍ਰੈਸ ਨੋਟ ਜਾਰੀ ਕਰਦਿਆਂ ਦੱਸਿਆ ਕਿ ਮਿਤੀ 03/03/2025 ਦਿਨ ਸੋਮਵਾਰ ਨੂੰ 66 ਕੇ ਵੀ ਹੁਸ਼ਿਆਰਪੁਰ ਰੋਡ ਵਿਖੇ ਸ਼ਟ ਡਾਉਨ ਦੌਰਾਨ ਜ਼ਰੂਰੀ ਮੇਨਟੀਨੈਂਸ ਕਰਨ ਲਈ ਹੇਠ ਲਿਖੇ ਏਰੀਏ ਦੀ ਬਿਜਲੀ ਸਪਲਾਈ ਸਮਾਂ ਸਵੇਰੇ 09:00 ਵਜੇ ਤੋਂ ਸ਼ਾਮ 16:00 ਵਜੇ ਤੱਕ ਬੰਦ ਰਹੇਗੀ

11 ਕੇ ਵੀ ਪੈਡੂ ਸ਼ਹਿਰੀ ਨੰ:1 ਅਤੇ 11 ਕੇ ਵੀ ਪੈਡੂ ਸ਼ਹਿਰੀ ਨੰ:2, 11 ਕੇ ਵੀ ਲਿੰਕ ਫੀਡਰ, 11 ਕੇ ਵੀ ਖਲਵਾੜਾ ਫੀਡਰ, 11 ਕੇ ਵੀ ਬਾਬਾ ਗਧੀਆ ਫੀਡਰ, 11 ਕੇ ਵੀ ਹੁਸ਼ਿਆਰਪੁਰ ਰੋਡ ਫੀਡਰ, 11ਕੇ ਵੀ ਅਸ਼ੋਕ ਵਿਹਾਰ ਫੀਡਰ, 11 ਕੇ.ਵੀ. ਫਤਿਹਗੜ, 11 ਕੇ ਵੀ ਸਿਵਲ ਹਸਪਤਾਲ ਫੀਡਰ, ਇਹਨਾਂ ਸਬ ਸਟੇਸ਼ਨਾਂ ਤੋਂ ਚੱਲਦੇ ਸਾਰੇ ਏ ਪੀ ਫੀਡਰਾਂ ਦੀ ਸਪਲਾਈ ਬੰਦ ਰਹੇਗੀ ਬਿਜਲੀ ਸਪਲਾਈ ਬੰਦ ਰਹਿਣ ਕਾਰਣ ਪ੍ਰਭਾਵਿਤ ਏਰੀਆ ਚ ਮੁਹੱਲਾ, ਚਾਹਲ ਨਗਰ, ਸੰਤੋਖਪੁਰਾ, ਦਸਮੇਸ਼ ਨਗਰ, ਸ਼ਾਮ ਇਨਕਲੇਵ, ਨੇੜੇ ਜੀਟੀ ਰੋਡ, ਮੁਹੱਲਾ ਧਰਮਕੋਟ, ਪਲਾਹੀ ਰੋਡ, ਬਾਬਾ ਗਧੀਆ, ਪਿੰਡ ਭੁੱਲਾਰਾਈ, ਹਾਜੀਪੁਰ, ਚੱਕ ਹਕੀਮ, ਖੰਗੂੜਾ, ਪਲਾਹੀ,ਵਜੀਦੋਵਾਲ, ਖਲਵਾੜਾ, ਪੰਡੋਰੀ, ਖਾਟੀ, ਖੁਰਮਪੁਰ, ਚੱਕ ਪ੍ਰੇਮਾ, ਲੱਖਪੁਰ ਸੰਗਤਪੁਰ,ਨਵਾਂ ਪਿੰਡ ਆਦਿ ਪ੍ਰਮੁੱਖ ਹਨ

# ਇੰਡਸਟਰੀ ਦੀ ਸਹੂਲਤ ਲਈ ਉਦਯੋਗਿਕ ਇਲਾਕਿਆਂ 'ਚ ਕਰਵਾਏ ਜਾਣਗੇ 4.45 ਕਰੋੜ ਰੁਪਏ ਦੇ ਵਿਕਾਸ ਕਾਰਜ : ਡਿਪਟੀ ਕਮਿਸ਼ਨਰ

ਜਲੰਧਰ, (ਲੋਕ ਬਾਣੀ): ਉਦਯੋਗਾਂ ਨੂੰ ਬਿਹਤਰ ਬੁਨਿਆਦੀ ਢਾਂਚਾ ਪ੍ਰਦਾਨ ਕਰਨ ਦੀ ਪੰਜਾਬ ਸਰਕਾਰ ਦੀ ਵਚਨਬੱਧਤਾ ਤਹਿਤ ਸਨਅਤਾਂ ਦੀ ਸਹੂਲਤ ਲਈ ਜ਼ਿਲ੍ਹੇ ਦੇ ਉਦਯੋਗਿਕ ਇਲਾਕਿਆਂ ਵਿੱਚ 4.45 ਕਰੋੜ ਰੁਪਏ ਦੇ ਵਿਕਾਸ ਕਾਰਜ ਕਰਵਾਏ ਜਾਣਗੇ।

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਨ੍ਹਾਂ ਵਿੱਚੋਂ 2.44 ਕਰੋੜ ਰੁਪਏ ਦੇ ਵਿਕਾਸ ਕਾਰਜ ਫੋਕਲ ਪੁਆਇੰਟ ਓਲਡ ਅਤੇ ਫੋਕਲ ਪੁਆਇੰਟ ਐਕਸਟੈਂਸ਼ਨ ਵਿੱਚ ਜਦਕਿ 2.01 ਕਰੋੜ ਰੁਪਏ ਦੇ ਕੰਮ ਲੈਦਰ ਕੰਪਲੈਕਸ ਅਤੇ ਸਰਜੀਕਲ ਕੰਪਲੈਕਸ ਵਿਖੇ ਨਗਰ ਨਿਗਮ ਜਲੰਧਰ ਵੱਲੋਂ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿਕਾਸ ਕਾਰਜਾਂ ਵਿੱਚ ਨਵੇਂ ਮੈਨਹੋਲ, ਚੈਂਬਰ, ਆਰਜੀ ਸੀਵਰੇਜ ਡਿਸਪੋਜ਼ਲ ਤੇ ਟਿਊਬਵੈੱਲ, ਜਲ ਸਪਲਾਈ ਤੇ ਸੀਵਰੇਜ ਸਿਸਟਮ ਦੀ ਮੁਰੰਮਤ ਤੇ ਰੱਖ-ਰਖਾਅ, ਜ਼ੋਨਲ ਦਫ਼ਤਰਾਂ ਦਾ ਨਿਰਮਾਣ, ਨਵੀਆਂ ਸਟ੍ਰੀਟ ਲਾਈਟਾਂ, ਜਨਰੇਟਰ ਸੈੱਟਾਂ ਦੀ ਖ਼ਰੀਦ, ਸਰਜੀਕਲ ਕੰਪਲੈਕਸ ਵਿਖੇ ਸਟ੍ਰੋਮ ਸੀਵਰੇਜ ਸਿਸਟਮ ਦਾ ਨਿਰਮਾਣ ਆਦਿ ਸ਼ਾਮਲ ਹਨ।

ਡਾ. ਅਗਰਵਾਲ ਨੇ ਵਿਕਾਸ ਕਾਰਜ ਸਮੇਂ ਸਿਰ ਨੇਪਰੇ ਚਾੜ੍ਹਨ ਦੇ ਨਿਰਦੇਸ਼ ਦਿੰਦਿਆਂ ਕਿਹਾ ਕਿ ਅਧਿਕਾਰੀ ਵਿਕਾਸ ਕਾਰਜਾਂ ਦੀ ਵਿਅਕਤੀਗਤ ਤੌਰ 'ਤੇ ਨਿਗਰਾਨੀ ਯਕੀਨੀ ਬਣਾਉਣ ਤਾਂ ਜੋ ਇਨ੍ਹਾਂ ਨੂੰ ਨਿਰਧਾਰਤ ਸਮੇਂ ਦੇ ਅੰਦਰ ਮੁਕੰਮਲ ਕੀਤਾ ਜਾ ਸਕੇ। ਕੰਮਾਂ ਦੀ ਗੁਣਵੱਤਾ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਸਪਸ਼ਟ ਕਿਹਾ ਕਿ ਵਿਕਾਸ ਕਾਰਜਾਂ ਦੀ ਗੁਣਵੱਤਾ ਨਾਲ ਕਿਸੇ ਕਿਸਮ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ।



ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਉਦਯੋਗਾਂ ਨੂੰ ਸੁਖਾਵਾਂ ਮਾਹੌਲ ਅਤੇ ਸਹੂਲਤਾਂ ਦੇਣ ਲਈ ਵਚਨਬੱਧ ਹੈ, ਜਿਸ ਤਹਿਤ ਉਦਯੋਗ ਅਤੇ ਵਪਾਰ ਵਿਕਾਸ ਨੀਤੀ ਤਹਿਤ ਰਾਜ ਸਰਕਾਰ ਵੱਲੋਂ ਯੋਗ ਫਰਮਾਂ ਲਈ 3.79 ਕਰੋੜ ਰੁਪਏ ਦੇ ਪੰਜ ਇੰਸੈਂਟਿਵ ਕੇਸ ਪਹਿਲਾਂ ਹੀ ਮਨਜ਼ੂਰ ਕੀਤੇ ਜਾ ਚੁੱਕੇ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਉਦਯੋਗਾਂ ਦੇ ਨੁਮਾਇੰਦਿਆਂ ਦੀ ਸਹੂਲਤ ਲਈ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਦੀ ਤੀਜੀ ਮੰਜ਼ਿਲ ਸਥਿਤ ਡੀ.ਬੀ.ਈ.ਈ. ਵਿਖੇ ਸਿੰਗਲ ਵਿੰਡੋ ਨੇ ਅੱਜ ਤੋਂ ਕੰਮ ਕਰਨਾ ਸ਼ੁਰੂ ਕਰ ਦਿੱਤਾ ਹੈ, ਜਿਥੇ ਉਦਯੋਗਾਂ ਦੇ ਮੁੱਦਿਆਂ ਦਾ ਨਿਪਟਾਰਾ ਕਰਨ ਲਈ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਰ ਮੰਗਲਵਾਰ ਮੌਜੂਦ ਰਹਿਣਗੇ। ਉਨ੍ਹਾਂ ਦੱਸਿਆ ਕਿ ਸਨਅਤਕਾਰਾਂ ਦੀ ਸਹੂਲਤ ਲਈ ਜਲਦ ਹੀ ਹੈਲਪਲਾਈਨ ਨੰਬਰ ਵੀ ਸ਼ੁਰੂ ਕੀਤਾ ਜਾ ਰਿਹਾ ਹੈ, ਜਿਸ ਦੇ ਲਈ ਸਬੰਧਤ ਅਧਿਕਾਰੀਆਂ ਨੂੰ ਪਹਿਲਾਂ ਹੀ ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਉਦਯੋਗਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ 82880 21797 82880 21798
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements in Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
EDUCATIONAL 64 YEARS EXCELLENCE
MORE THAN
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
HOTEL MANAGEMENT
MANAGEMENT & COMMERCE
DEGREE COURSES
PARAMEDICAL COURSES
POLYTECHNIC DIPLOMA
MEDIA & FASHION
INFORMATION TECHNOLOGY
LAW
TEACHER / PROFESSIONAL EDUCATION
NURSING TRAINING
ARCHITECTURE
INDUSTRIAL TRAINING INSTITUTE
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565
www.stsoldiergroup.com